


VOL-11 ISSUE 1749 23 May, 2024 Thursday www.sanjhisoch.com ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ਼ ਦੁਨੀਆਂ +1 (209) 303-1260

# ਅਮਰੀਕਾ 'ਚ ਗੈਰ ਕਾਨੂੰਨੀ ਪ੍ਰਵਾਸੀਆਂ ਨੂੰ 6 ਮਹੀਨੇ 'ਚ ਕੀਤਾ ਜਾਵੇਗਾ ਡਿਪੋਰਟ

**ਵਾਸ਼ਿੰਗਟਨ ਡੀ.ਸੀ ਸਾਂਝੀ ਸੋਚ ਬਿਊਰੋ**


ਅਮਰੀਕਾ 'ਚ ਗੈਰ ਕਾਨੂੰਨੀ ਤੌਰ 'ਤੇ ਆਉਣ ਵਾਲੇ ਪ੍ਰਵਾਸੀਆਂ ਨੂੰ ਹੁਣ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਨ੍ਹਾਂ ਦੇ ਕੇਸ ਪਾਸ ਨਾ ਹੋਣ ਦੀ ਸੂਰਤ ਵਿਚ ਉਨ੍ਹਾਂ ਨੂੰ 6 ਮਹੀਨੇ ਦੇ ਅੰਦਰ-ਅੰਦਰ ਵਾਪਸ ਆਪਣੇ ਮੁਲਕ ਭੇਜਿਆ ਜਾ ਸਕਦਾ ਹੈ। ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਕਿਹਾ ਹੈ ਕਿ ਇਮੀਗ੍ਰੇਸ਼ਨ ਨੀਤੀ ਵਿਚ ਬਹੁਤ ਜਲਦ ਵੱਡੇ ਬਦਲਾਅ ਕੀਤੇ ਜਾ ਰਹੇ ਹਨ, ਜਿਸ ਨਾਲ ਅਮਰੀਕਾ ਵਿਚ ਬੇਲੋੜੇ ਪ੍ਰਵਾਸੀਆਂ ਨੂੰ ਬਾਹਰ ਕੱਢਣ ਲਈ ਉਪਰਾਲੇ ਕੀਤੇ ਜਾਣਗੇ। ਇਸ ਨਾਲ ਅਮਰੀਕਾ 'ਚ ਨਵੇਂ ਆਉਣ ਵਾਲੇ ਪ੍ਰਵਾਸੀਆਂ ਦੇ ਸਿਰ 'ਤੇ ਇਮੀਗ੍ਰੇਸ਼ਨ ਨਾਲ ਸੰਬੰਧਤ ਤਲਵਾਰ ਲਟਕ ਗਈ ਹੈ।ਰਾਸ਼ਟਰਪਤੀ ਜੋਅ ਬਾਇਡਨ ਨੇ ਕਿਹਾ ਹੈ ਕਿ ਗੈਰ ਕਾਨੂੰਨੀ ਢੰਗ ਨਾਲ ਅਮਰੀਕਾ ਆਉਣ ਤੋਂ ਬਾਅਦ ਉਨ੍ਹਾਂ ਦੇ ਕੇਸਾਂ 'ਤੇ ਫੈਸਲਾ ਕਰਨ ਵਿਚ ਲੰਮਾ ਸਮਾਂ ਲੱਗ ਜਾਂਦਾ ਹੈ, ਜਿਸ ਨਾਲ ਇਥੇ ਉਹ ਬੇਮਤਲਬ ਹੀ ਰਹੀ ਜਾਂਦੇ ਹਨ। ਪਰ ਹੁਣ ਬਾਇਡਨ ਪ੍ਰਸ਼ਾਸਨ ਨੇ ਨਵੇਂ ਇਮੀਗ੍ਰੇਸ਼ਨ ਕੋਰਟ ਡੌਕੇਟ 'ਤੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ, ਜਿਸ ਨਾਲ ਪ੍ਰਵਾਸੀਆਂ ਬਾਰੇ ਫੈਸਲਾ ਹੁਣ ਜਲਦ ਹੀ ਕੀਤਾ ਜਾਵੇਗਾ। ਜੋ ਕੰਮ ਪਹਿਲਾਂ ਸਾਲਾਂ ਵਿਚ ਹੁੰਦਾ ਸੀ, ਉਹ ਹੁਣ ਮਹੀਨਿਆਂ ਵਿਚ ਹੋ ਜਾਵੇਗਾ। ਇਸ ਨਾਲ ਗੈਰ ਕਾਨੂੰਨੀ ਢੰਗ ਨਾਲ ਰਹਿਣ ਵਾਲੇ ਪ੍ਰਵਾਸੀਆਂ ਨੂੰ ਜਲਦ ਦੇਸ਼ ਨਿਕਾਲਾ ਦੇਣ ਵਿਚ ਮਦਦ ਮਿਲੇਗੀ। ਉਨ੍ਹਾਂ ਦੀ ਕਿਸਮਤ ਦਾ ਫੈਸਲਾ ਸਿਰਫ 6 ਮਹੀਨੇ ਵਿਚ ਹੀ ਹੋ ਜਾਵੇਗਾ। ਰਾਸ਼ਟਰਪਤੀ ਜੋਅ ਬਾਇਡਨ ਨੇ ਕਿਹਾ ਹੈ ਕਿ ਇਮੀਗ੍ਰੇਸ਼ਨ ਅਦਾਲਤ ਵਿਚ ਇਕ ਵਿਸ਼ੇਸ਼ ਫਾਸਟ ਟਰੈਕ ਡੌਕੇਟ ਬਣਾਇਆ ਜਾਵੇਗਾ, ਜਿਸ ਨਾਲ ਪਨਾਹ ਦੀਆਂ ਅਰਜ਼ੀਆਂ 'ਤੇ ਕੁੱਝ ਮਹੀਨਿਆਂ ਵਿਚ ਹੀ ਫੈਸਲਾ ਕੀਤਾ ਜਾਵੇਗਾ। ਬੋਸਟਨ, ਸ਼ਿਕਾਗੋ, ਲਾਸ ਏਂਜਲਸ ਅਤੇ ਨਿਊਯਾਰਕ ਵਿਚ ਸੈਟਲ ਹੋਣ ਵਾਲੇ ਪ੍ਰਵਾਸੀਆਂ ਨੂੰ ਹਾਲ ਹੀ ਦੇ ਆਗਮਨ ਡੌਕੇਟ ਵਿਚ ਰੱਖਿਆ ਜਾਵੇਗਾ ਅਤੇ ਉਨ੍ਹਾਂ ਬਾਰੇ ਫੈਸਲਾ ਜੱਜ ਵੱਲੋਂ 180 ਦਿਨਾਂ ਦੇ ਅੰਦਰ ਹੀ ਕਰ ਦਿੱਤਾ ਜਾਵੇਗਾ।ਮੌਜੂਦਾ ਸਮੇਂ ਵਿਚ ਅਜਿਹੇ ਪ੍ਰਵਾਸੀਆਂ ਬਾਰੇ ਫੈਸਲਾ



ਲੈਣ ਲਈ ਕਈ-ਕਈ ਸਾਲ ਲੱਗ ਜਾਂਦੇ ਹਨ। ਅਦਾਲਤੀ ਫੈਸਲੇ ਵਿਚ ਇੰਨਾ ਸਮਾਂ ਲੱਗ ਜਾਂਦਾ ਹੈ ਕਿ ਗੈਰ ਕਾਨੂੰਨੀ ਲੋਕ ਜੋ ਚਾਹੁੰਦੇ ਹਨ, ਇਥੇ ਉਹ ਕਰੀ ਜਾਂਦੇ ਹਨ। ਅੱਜਕੱਲ੍ਹ ਅਦਾਲਤਾਂ ਕੇਸਾਂ ਨਾਲ ਭਰੀਆਂ ਪਈਆਂ ਹਨ। ਨਿਆਂ ਵਿਭਾਗ ਨੇ ਨਵੇਂ ਪ੍ਰਵਾਸੀ ਕੇਸਾਂ ਦੇ ਤੇਜ਼ੀ ਨਾਲ ਫੈਸਲਾ ਕਰਨ ਲਈ 10 ਨਵੇਂ ਜੱਜਾਂ ਦੀ ਨਿਯੁਕਤੀ ਕੀਤੀ ਹੈ।

ਅਮਰੀਕੀ ਚੋਣਾਂ ਦੌਰਾਨ ਸਥਾਨਕ ਲੋਕਾਂ ਵੱਲੋਂ ਪ੍ਰਵਾਸੀਆਂ ਦਾ ਮੁੱਦਾ ਉੱਭਰ ਕੇ ਸਾਹਮਣੇ ਆਇਆ ਹੈ ਅਤੇ ਬਾਇਡਨ ਪ੍ਰਸ਼ਾਸਨ 'ਤੇ ਨਾਜਾਇਜ਼ ਤੌਰ 'ਤੇ ਆ ਰਹੇ ਪ੍ਰਵਾਸੀਆਂ ਨੂੰ ਰੋਕਣ 'ਚ ਨਾਕਾਮ ਰਹਿਣ ਦਾ ਦੋਸ਼ ਲੱਗ ਰਿਹਾ ਹੈ। ਅਮਰੀਕਾ ਦੀ ਇਮੀਗ੍ਰੇਸ਼ਨ ਅਦਾਲਤ ਵਿਚ ਇਸ ਵੇਲੇ ਲੱਖਾਂ ਕੇਸ ਬਕਾਇਆ ਪਏ ਹਨ, ਜਿਨ੍ਹਾਂ ਦੇ ਨਿਪਟਾਰੇ ਵਿਚ ਕਈ ਸਾਲ ਲੱਗ ਜਾਣਗੇ। ਪੁਰਾਣੇ ਕੇਸਾਂ ਨੂੰ ਨਿਪਟਾਉਣ ਲਈ 68 ਅਦਾਲਤਾਂ ਵਿਚ ਕੁੱਲ 600 ਜੱਜਾਂ ਦੀ ਨਿਯੁਕਤੀ ਕੀਤੀ ਗਈ ਹੈ। ਰਾਸ਼ਟਰਪਤੀ ਜੋਅ ਬਾਇਡਨ ਨੇ ਪਹਿਲਾਂ ਵੀ ਪ੍ਰਵਾਸੀਆਂ 'ਤੇ ਸਖਤੀ ਕਰਨ ਦਾ ਇਸ਼ਾਰਾ ਕੀਤਾ ਸੀ, ਪਰ ਉਹ ਜ਼ਿਆਦਾ ਅਸਰਦਾਰ ਨਹੀਂ ਰਿਹਾ।ਅਮਰੀਕਾ ਦੇ ਕਾਨੂੰਨ ਮੁਤਾਬਕ ਸ਼ਰਨ ਲੈਣ ਲਈ ਅਰਜ਼ੀ ਦੇਣ ਤੋਂ ਬਾਅਦ ਕੋਈ ਵੀ ਪ੍ਰਵਾਸੀ 6 ਮਹੀਨੇ ਦੇ ਅੰਦਰ-ਅੰਦਰ ਵਰਕ ਪਰਮਿਟ ਪ੍ਰਾਪਤ ਕਰ ਸਕਦਾ ਹੈ, ਜਿਸ ਕਰਕੇ ਲੋਕ ਅਮਰੀਕਾ ਵਿਚ ਦਾਖਲ ਹੋਣ ਲਈ ਪ੍ਰੇਰਿਤ ਹੁੰਦੇ ਹਨ। ਹੁਣ ਦੇਖਣਾ ਇਹ ਹੈ ਕਿ ਚੋਣਾਂ ਤੋਂ ਪਹਿਲਾਂ ਇਹ ਨਵੇਂ ਨਿਰਦੇਸ਼ ਹੋਂਦ ਵਿਚ ਆਉਂਦੇ ਹਨ ਕਿ ਨਹੀਂ।



























# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਤਿੱਖੀ ਗਰਮੀ ਤੋਂ ਕਿਵੇਂ ਬਚਾਈਏ ਆਪਣੀ ਚਮੜੀ



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

ਜਿਵੇਂ ਕਿ ਆਪਾਂ ਸਾਰੇ ਚੰਗੀ ਤਰ੍ਹਾਂ ਜਾਣਦੇ ਹਾਂ ਕਿ ਬਦਲਦੇ ਮੌਸਮ ਦਾ ਪ੍ਰਭਾਵ ਹਮੇਸ਼ਾ ਸਾਡੀ ਚਮੜੀ ਅਤੇ ਵਾਲਾਂ 'ਤੇ ਪੈਂਦਾ। ਕੰਮਕਾਜੀ ਮਰਦਾਂ ਅਤੇ ਖ਼ਾਸ ਕਰ ਕੇ ਔਰਤਾਂ ਨੂੰ ਮੌਸਮ ਦਾ ਪ੍ਰਭਾਵ ਜ਼ਿਆਦਾ ਕਬੂਲ ਕਰਨਾ ਪੈਂਦਾ ਹੈ। ਅੱਜ-ਕੱਲ੍ਹ ਸਾਨੂੰ ਤਿੱਖੀ ਗਰਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੂ ਅਤੇ ਗਰਮੀ ਦਾ ਸਾਡੀ ਚਮੜੀ 'ਤੇ ਅਸਰ ਪੈਣਾ ਸੁਭਾਵਿਕ ਹੈ। ਇਸ ਲਈ ਇਹ ਬੇਹੱਦ ਜ਼ਰੂਰੀ ਹੈ ਕਿ ਅਸੀਂ ਆਪਣੀ ਚਮੜੀ ਨੂੰ ਤੇਜ਼ ਗਰਮੀ ਤੋਂ ਸੁਰੱਖਿਅਤ ਰੱਖੀਏ। ਸੂਰਜ ਦੀਆਂ ਸਿੱਧੀਆਂ ਕਿਰਨਾਂ ਤੋਂ ਆਪਣੇ ਸਰੀਰ ਨੂੰ ਬਚਾਉਣਾ ਹੋਰ ਵੀ ਜ਼ਰੂਰੀ ਹੈ। ਜਿੰਨਾ ਵੀ ਹੋ ਸਕੇ ਸਾਨੂੰ ਤੇਜ਼ ਧੁੱਪ ਤੋਂ ਆਪਣੇ ਸਰੀਰ ਨੂੰ ਬਚਾਉਣਾ ਚਾਹੀਦਾ ਹੈ। ਜਦੋਂ ਵੀ ਦੁਪਹਿਰ ਵੇਲੇ ਦਫ਼ਤਰ ਜਾਂ ਹੋਰ ਕੰਮਕਾਜੀ ਅਦਾਰੇ ਤੋਂ ਬਾਹਰ ਜਾਣਾ ਪਵੇ ਤਾਂ ਢੁੱਕਵੇਂ ਕੱਪੜੇ ਪਹਿਨਣੇ ਬੇਹੱਦ ਜ਼ਰੂਰੀ ਹਨ। ਇਸ ਦੌਰਾਨ ਸਾਨੂੰ ਖ਼ੁਰਾਕ ਦਾ ਵੀ ਧਿਆਨ ਰੱਖਣਾ ਚਾਹੀਦਾ। ਹੋ ਸਕੇ ਤਾਂ ਘਰ ਦਾ ਖਾਣਾ ਹੀ ਖਾਓ ਤੇ ਬਾਹਰੀ ਭੋਜਨ ਤੋਂ ਪਰਹੇਜ਼ ਕੀਤਾ ਜਾਵੇ। ਤੁਹਾਡੇ ਕੋਲ ਪਾਣੀ ਜ਼ਰੂਰ ਹੋਣਾ ਚਾਹੀਦਾ ਹੈ। ਵਾਲਾਂ ਦੀ ਸੰਭਾਲ ਦੇ ਨਾਲ-ਨਾਲ ਇਸ ਤੋਂ ਵੀ ਜ਼ਿਆਦਾ ਜ਼ਰੂਰੀ ਹੈ ਕਿ ਅਸੀਂ ਆਪਣੀ ਚਮੜੀ ਨੂੰ ਤਿੱਖੀ ਗਰਮੀ ਤੋਂ ਕਿਸ ਪ੍ਰਕਾਰ ਬਚਾਈਏ ਕਿਉਂਕਿ ਅੱਜਕੱਲ੍ਹ ਬਹੁਤ ਗਰਮੀ ਪੈ ਰਹੀ ਹੈ ਅਤੇ ਤਾਪਮਾਨ 42 ਡਿਗਰੀ ਤੋਂ ਉਪਰ ਚੱਲ ਰਿਹਾ ਹੈ। ਦਿਨ ਚੜ੍ਹਦੇ ਸਾਰ ਸੂਰਜ ਦੀ ਤਿੱਖੀ ਧੁੱਪ ਸਹਾਰਨੀ ਬਹੁਤ ਔਖੀ ਹੋ ਗਈ ਹੈ ਅਤੇ ਇਥੋਂ ਤੱਕ ਨੌਬਤ ਆ ਗਈ ਹੈ ਕਿ ਸਾਡੀ ਚਮੜੀ ਝੁਲਸਣ ਲੱਗ ਪਈ ਹੈ। ਅਜਿਹੇ ਵਿਚ ਜ਼ਰੂਰੀ ਹੈ ਕਿ ਅਸੀਂ ਆਪਣੀ ਚਮੜੀ ਦਾ ਕਿਸੇ ਵੀ ਤਰ੍ਹਾਂ ਬਚਾਅ ਕਰੀਏ। ਗਰਮੀ ਵਿਚ ਘਰੋਂ ਬਾਹਰ ਨਿਕਲਣ ਤੋਂ ਪਹਿਲਾਂ ਚੰਗੀ ਖ਼ੁਰਾਕ ਲਵੋ ਅਤੇ ਲੋੜੀਂਦੀ ਮਾਤਰਾ ਵਿਚ ਪਾਣੀ ਜ਼ਰੂਰ ਪੀਵੋ ਅਤੇ ਹੋ ਸਕੇ ਤਾਂ ਆਪਣੇ ਨਾਲ ਪਾਣੀ ਦੀ ਬੋਤਲ ਜ਼ਰੂਰੀ ਰੱਖੋ। ਤੁਹਾਡੀ ਖ਼ੁਰਾਕ ਵਿਟਾਮਿਨ 'ਸੀ' ਨਾਲ ਭਰਪੂਰ ਹੋਣੀ ਚਾਹੀਦੀ ਹੈ। ਇਹ ਖ਼ੁਰਾਕ ਤੁਹਾਨੂੰ ਮੌਸਮ ਦੇ ਤਿੱਖੇ ਪ੍ਰਕੋਪ ਤੋਂ ਬਚਾਉਣ ਵਿਚ ਸਹਾਇਕ ਹੋਵੇਗੀ। ਇਸ ਤੋਂ ਇਲਾਵਾ ਲੋੜੀਂਦੀ ਮਾਤਰਾ ਵਿਚ ਪੀਤਾ ਗਿਆ ਪਾਣੀ ਵੀ ਤੁਹਾਡੀ ਚਮੜੀ ਅਤੇ ਸਰੀਰ ਲਈ ਬੇਹੱਦ ਲਾਹੇਵੰਦ ਹੈ। ਇਹ ਤੁਹਾਡੇ ਸਰੀਰ ਵਿਚੋਂ ਹਾਨੀਕਾਰਕ ਤੱਤ ਬਾਹਰ ਕੱਢਣ ਵਿਚ ਮਦਦਗਾਰ ਬਣਦਾ ਹੈ।

### ਨਾਰੀਅਲ ਤੇ ਤਰਬੂਜ਼ ਵਰਗੇ ਪਦਾਰਥ ਲਵੋ

ਗਰਮੀ ਤੋਂ ਬਚਾਅ ਲਈ ਤੁਸੀਂ ਨਾਰੀਅਲ ਜੂਸ, ਤਰਬੂਜ਼ ਆਦਿ ਲੈ ਸਕਦੇ ਹੋ। ਇਸ ਤੋਂ ਇਲਾਵਾ ਹਰੇ ਪੱਤੇ ਵਾਲੀਆਂ ਸਬਜ਼ੀਆਂ ਵੀ ਜ਼ਿਆਦਾ ਮਾਤਰਾ ਵਿਚ ਲੈਣੀਆਂ ਚਾਹੀਦੀਆਂ ਹਨ ਜੋ ਤੁਹਾਡੇ ਸਰੀਰ ਨੂੰ ਠੰਢਾ ਰੱਖਣ ਵਿਚ ਮਦਦਗਾਰ ਸਾਬਤ ਹੋ ਸਕਦੀਆਂ ਹਨ। ਇਸ ਤੋਂ ਇਲਾਵਾ ਹਫ਼ਤੇ ਵਿਚ ਇੱਕ ਵਾਰ ਆਪਣੇ ਸਰੀਰ ਦੀ ਮਾਲਸ਼ ਜ਼ਰੂਰ ਕਰੋ। ਇਸ ਨਾਲ ਸਰੀਰ ਵਿਚ ਖ਼ੂਨ ਦਾ ਸੰਚਾਰ ਉਚਿਤ ਮਾਤਰਾ ਵਿਚ ਹੋਵੇਗਾ ਜੋ ਲਾਭਕਾਰੀ ਹੈ।

### ਵਾਲਾਂ ਦੀ ਸੰਭਾਲ ਤੇ ਸੰਤੁਲਿਤ ਖ਼ੁਰਾਕ

ਖ਼ੁਰਾਕ ਵਾਲਾਂ ਨੂੰ ਤੰਦਰੁਸਤ ਰੱਖਣ ਵਿਚ ਬਹੁਤ ਮਹੱਤਵਪੂਰਨ ਭੂਮਿਕਾ ਅਦਾ ਕਰਦੀ ਹ। ਜੇ ਤੁਸੀਂ ਆਪਣੇ ਵਾਲਾਂ ਨੂੰ ਚੰਗੀ ਸਥਿਤੀ ਵਿਚ ਰੱਖਣਾ ਚਾਹੁੰਦੇ ਹੋ ਤਾਂ ਤੁਹਾਨੂੰ ਅਜਿਹੀ ਖ਼ੁਰਾਕ ਖਾਣੀ ਚਾਹੀਦੀ ਹੈ ਜਿਸ ਵਿਚ ਜ਼ਰੂਰੀ ਪੌਸ਼ਟਿਕ ਤੱਤ ਮੌਜੂਦ ਹੋਣ। ਵਾਲਾਂ ਨੂੰ ਸਾਫ਼ ਰੱਖਣ ਦੇ ਨਾਲ-ਨਾਲ ਮਜ਼ਬੂਤ ਬਣਾਈ ਰੱਖਣ ਲਈ ਚੰਗੀ ਖ਼ੁਰਾਕ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

### ਵਾਲਾਂ ਦਾ ਝੜਨਾ

ਗਰਮੀਆਂ ਵਿਚ ਵਾਲਾਂ ਨੂੰ ਲੈ ਕੇ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਸਾਹਮਣੇ ਆਉਂਦੀਆਂ ਹਨ ਜਿਵੇਂ ਕਿ ਵਾਲਾਂ ਦਾ ਝੜਨਾ, ਰੁਖ਼ਾਪਣ, ਸਫ਼ੈਦ ਹੋਣਾ ਆਦਿ ਸ਼ੁਰੂ ਹੋ ਜਾਂਦੀਆਂ ਹਨ। ਸਹੀ ਖ਼ੁਰਾਕ ਲੈਣ ਨਾਲ ਅਸੀਂ ਆਪਣੇ ਵਾਲਾਂ ਦੀ ਸਿਹਤ ਤੇ ਸਥਿਤੀ ਨੂੰ ਸੁਧਾਰ ਸਕਦੇ ਹਾਂ। ਗਰਮੀਆਂ ਵਿਚ ਵਾਲਾਂ ਨੂੰ ਸੋਹਣਾ ਤੇ ਸਿਹਤਮੰਦ ਵਿਖਾਉਣ ਲਈ ਅੱਗੇ ਕੁਝ ਸੁਝਾਅ ਹਨ ਜਿਨ੍ਹਾਂ 'ਤੇ ਅਮਲ ਕਰਨ ਨਾਲ ਅਸੀਂ ਗਰਮੀ 'ਚ ਵਾਲਾਂ ਦੀ ਸਹੀ ਤਰੀਕੇ ਨਾਲ ਦੇਖ-ਭਾਲ ਕਰ ਸਕਦੇ ਹਾਂ।

### ਪ੍ਰੋਟੀਨ ਭਰਪੂਰ ਖ਼ਰਾਕ ਲੈਣੀ ਜ਼ਰੂਰੀ

ਵਾਲਾਂ ਨੂੰ ਸਿਹਤਮੰਦ ਤੇ ਮਜ਼ਬੂਤ ਰੱਖਣ ਲਈ ਪ੍ਰੋਟੀਨ ਭਰਪੂਰ ਖ਼ੁਰਾਕ ਲੈਣੀ ਬਹੁਤ ਜ਼ਰੂਰੀ ਹੈ ਕਿਉਂਕਿ ਸਾਡੇ ਵਾਲ ਕੈਰਾਟਿਨ ਨਾਮਕ ਪ੍ਰੋਟੀਨ ਨਾਲ ਬਣੇ ਹੋਏ ਹਨ। ਇਸ ਕਰਕੇ ਸਾਨੂੰ ਪਨੀਰ, ਪੁੰਗਰੀਆਂ ਦਾਲਾਂ, ਸੋਇਆਬੀਨ ਖ਼ੁਰਾਕ ਵਿਚ ਲੈਣਾ ਚਾਹੀਦਾ ਹੈ਼ ਸੋਇਆਬੀਨ ਵਿਚ ਐਮਿਨੋ ਐਸਿਡ ਹੁੰਦੇ ਹਨ। ਇਨ੍ਹਾਂ ਤੋਂ ਆਂਡੇ ਦੇ ਬਰਾਬਰ ਪ੍ਰੋਟੀਨ ਮਿਲਦਾ ਹੈ਼ ਇਸ ਕਰਕੇ ਜੋ ਅੰਡੇ ਨਹੀਂ ਖਾ ਸਕਦੇ, ਉਹ ਸੋਇਆਬੀਨ ਲੈ ਕੇ ਪ੍ਰੋਟੀਨ ਦੀ ਕਮੀ ਪੂਰੀ ਕਰ ਸਕਦੇ ਹਨ।

### ਗਰਮੀਆਂ ਵਿਚ ਇਸ ਖ਼ੁਰਾਕ ਦੀ ਕਰੋ ਵਰਤੋਂ

-ਪ੍ਰੋਟੀਨ ਦੇ ਨਾਲ-ਨਾਲ ਖਣਿਜ ਤੇ ਵਿਟਾਮਿਨ 'ਏ' ਸਪਲੀਮੈਂਟ ਜਿਵੇਂ ਜ਼ਿੰਕ, ਵਿਟਾਮਿਨ 'ਬੀ', ਕੈਲਸ਼ੀਅਮ ਤੇ ਆਇਰਨ ਵੀ ਬਹੁਤ ਜ਼ਰੂਰੀ ਹਨ।

-ਕੈਲਸ਼ੀਅਮ ਦੀ ਕਮੀ ਵੀ ਵਾਲਾਂ ਨੂੰ ਨੁਕਸਾਨ ਪਹੁੰਚਾ ਸਕਦੀ ਹੈ। 25 ਸਾਲ ਦੀ ਉਮਰ ਤੋਂ ਬਾਅਦ ਘੱਟ ਤੋਂ ਘੱਟ 800 ਮਿਲੀਗ੍ਰਾਮ ਕੈਲਸ਼ੀਅਮ ਲੈਣਾ ਜ਼ਰੂਰੀ ਹੁੰਦਾ ਹੈ। ਇਹ ਮਾਤਰਾ ਢਾਈ ਕੱਪ ਦੁੱਧ ਹਰ ਰੋਜ਼ ਪੀ ਕੇ ਪੂਰੀ ਕੀਤੀ ਜਾ ਸਕਦੀ ਹੈ।

-ਜੇ ਦੁੱਧ ਨਹੀਂ ਪੀ ਸਕਦੇ ਤਾਂ ਕੈਲਸ਼ੀਅਮ ਦੀ ਕਮੀ ਨੂੰ ਤਾਜ਼ੀਆਂ ਹਰੀਆਂ ਪੱਤੇਦਾਰ ਸਬਜ਼ੀਆਂ ਜਿਵੇਂ ਪਾਲਕ, ਮੇਥੀ ਆਦਿ ਤੋਂ ਪੂਰਾ ਕਰ ਸਕਦੇ ਹਾਂ।

-ਦੁੱਧ ਤੋਂ ਬਣੀਆਂ ਚੀਜ਼ਾਂ ਜਿਵੇਂ ਕਿ ਪਨੀਰ, ਦਹੀਂ ਜਾਂ ਸੋਇਆ ਦੁੱਧ ਵੀ ਲੈ ਸਕਦੇ ਹੋ॥

-ਤਾਜ਼ੇ ਫਲਾਂ ਦਾ ਜੂਸ ਤੇ ਕਾਫ਼ੀ ਮਾਤਰਾ ਵਿਚ ਪਾਣੀ ਪੀਣਾ ਚਾਹੀਦਾ ਹੈ।

-ਭਾਰੀ ਤੇ ਛੇਤੀ ਨਾ ਪਚਣ ਵਾਲਾ ਭੋਜਨ ਨਹੀਂ ਖਾਣਾ ਚਾਹੀਦਾ।

-ਰੋਜ਼ ਖ਼ੁਰਾਕ ਵਿਚ ਸਲਾਦ, ਫਲ, ਸਪਰਾਊਟਸ, ਦਹੀਂ ਦੀ ਵਰਤੋਂ ਕਰਨੀ ਚਾਹੀਦੀ ਹੈ।

-'ਹਾਟ ਟੀ' ਦੀ ਥਾਂ 'ਕੋਲਡ ਟੀ' ਜਾਂ ਨਿੰਬੂ ਦਾ ਜੂਸ ਕੱਢ ਕੇ ਪੀਣਾ ਚਾਹੀਦਾ ਹੈ।

ਗਰਮੀਆਂ ਵਿਚ ਤੁਸੀਂ ਸੰਤੁਲਿਤ ਖ਼ੁਰਾਕ ਦੀ ਵਰਤੋਂ ਕਰ ਕੇ ਵੀ ਸਾਰੇ ਜ਼ਰੂਰੀ ਤੱਤ ਪ੍ਰਾਪਤ ਕਰ ਸਕਦੇ ਹੋ ਅਤੇ ਪਸੀਨਾ ਆਉਣ ਨਾਲ ਹੋਈ ਪਾਣੀ ਦੀ ਕਮੀ ਨੂੰ ਵੀ ਪੂਰਾ ਕਰ ਸਕਦੇ ਹੋ। ਸੋ ਸਪੱਸ਼ਟ ਹੈ ਕਿ ਸਾਨੂੰ ਆਪਣੇ ਸਰੀਰ ਨੂੰ ਲੂ ਅਤੇ ਤਿੱਖੀ ਗਰਮੀ ਤੋਂ ਬਚਾਉਣ ਲਈ ਉਪਰ ਲਿਖੀਆਂ ਗੱਲਾਂ 'ਤੇ ਅਮਲ ਕਰਨਾ ਚਾਹੀਦਾ ਹੈ। ਇਸ ਮੌਸਮ ਵਿਚ ਬੱਚਿਆਂ ਅਤੇ ਬਜ਼ੁਰਗਾਂ ਵੱਲ ਖ਼ਾਸ ਤਵੱਜੋਂ ਦੇਣ ਦੀ ਲੋੜ ਹੈ। ਬੱਚੇ ਘਰ ਟਿਕਦੇ ਨਹੀਂ ਅਤੇ ਬਜ਼ੁਰਗਾਂ ਲਈ ਜ਼ਿਆਦਾ ਹਿਲਜੁੱਲ ਕਰਨਾ ਔਖਾ ਹੁੰਦਾ ਹੈ। ਸੋ ਸਾਨੂੰ ਇਨ੍ਹਾਂ ਦੀ ਹਿਫ਼ਾਜ਼ਤ ਕਰਨ ਦੇ ਨਾਲ-ਨਾਲ ਖ਼ੁਦ ਦੀ ਸਿਹਤ ਵੱਲ ਧਿਆਨ ਦੇਣਾ ਚਾਹੀਦਾ ਹੈ।

### ਡਾਇਟਿੰਗ ਦਾ ਉਲਟਾ ਪ੍ਰਭਾਵ

ਅਸੀਂ ਅਕਸਰ ਦੇਖਦੇ ਹਾਂ ਕਿ ਔਰਤਾਂ ਮੋਟਾਪੇ ਨੂੰ ਘਟਾਉਣ ਲਈ ਡਾਈਟਿੰਗ ਕਰਦੀਆਂ ਹਨ਼ ਡਾਈਟਿੰਗ ਕਰਨ ਨਾਲ ਸਰੀਰ ਵਿਚ ਵਿਟਾਮਿਨ, ਖਣਿਜ ਅਤੇ ਪ੍ਰੋਟੀਨ ਦੀ ਕਮੀ ਹੋ ਜਾਂਦੀ ਹੈ ਤੇ ਵਾਲ ਰੁਖ਼ੇ ਅਤੇ ਬੇਜਾਨ ਹੋ ਜਾਂਦੇ ਹਨ। ਇਸ ਨਾਲ ਆਇਰਨ ਦੀ ਵੀ ਕਮੀ ਹੋ ਜਾਂਦੀ ਹੈ। ਇਸ ਨਾਲ ਹੀਮੋਗਲੋਬਿਨ ਦੀ ਮਾਤਰਾ ਘਟਣੀ ਸ਼ੁਰੂ ਹੋ ਜਾਂਦੀ ਹੈ। ਤੁਸੀਂ ਜਿਹੜੀ ਵੀ ਖ਼ੁਰਾਕ ਖਾਓ, ਧਿਆਨ ਰੱਖੋ ਕਿ ਇਸ ਵਿਚ ਸਾਰੇ ਜ਼ਰੂਰੀ ਤੱਤ ਮੌਜੂਦ ਹੋਣ। ਖ਼ੁਰਾਕ ਨੂੰ ਲਗਾਤਾਰ ਨਜ਼ਰ-ਅੰਦਾਜ਼ ਕਰਨ ਨਾਲ ਤੁਹਾਡੇ ਵਾਲ ਝੜਨੇ ਵੀ ਸ਼ੁਰੂ ਹੋ ਜਾਂਦੇ ਹਨ। ਔਰਤਾਂ ਵਾਲਾਂ ਨੂੰ ਸੋਹਣੇ, ਲੰਮੇ ਤੇ ਕਾਲੇ ਦਿਖਾਉਣ ਲਈ ਬਹੁਤ ਕੁਝ ਕਰਦੀਆਂ ਹਨ। ਵਾਲਾਂ ਵਿਚ ਕਈ ਤਰ੍ਹਾਂ ਦੇ ਸ਼ੈਂਪੂ ਤੇ ਕੰਡੀਸ਼ਨਰ ਲਾਉਂਦੀਆਂ ਹਨ। ਵਾਲਾਂ ਨੂੰ ਰੰਗਣ ਲਈ ਕਈ ਤਰ੍ਹਾਂ ਦੇ ਕਾਸਮੈਟਿਕਸ ਵਰਤੀਆਂ ਹਨ ਪਰ ਖ਼ੁਰਾਕ ਨੂੰ ਅੱਖੋਂ-ਪਰੋਖੇ ਕਰਦੀਆਂ ਹਨ, ਜਿਸ ਕਰਕੇ ਵਾਲਾਂ 'ਤੇ ਬਹੁਤ ਬੁਰਾ ਅਸਰ ਪੈਂਦਾ ਹੈ।

### ਤੇਜ਼ ਧੁੱਪ ਤੋਂ ਕਰੋ ਬਚਾਅ

ਗਰਮੀਆਂ 'ਚ ਸਾਨੂੰ ਸੂਰਜ ਦੀਆਂ ਯੂਵੀ (ਅਲਟਰਾ ਵਾਇਲਟ)ਕਿਰਨਾਂ ਤੋਂ ਚਮੜੀ ਨੂੰ ਜ਼ਰੂਰ ਬਚਾਅ ਕੇ ਰੱਖਣਾ ਚਾਹੀਦਾ। ਸਾਨੂੰ ਤੇਜ਼ ਧੁੱਪ ਤੋਂ ਬਚਾਅ ਲਈ ਬਹੁਤ ਵਧੀਆ ਸਨਸਕਰੀਨ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ ਜਿਸ ਨਾਲ ਸਾਡੀ ਚਮੜੀ ਦੀ ਰੱਖਿਆ ਹੁੰਦੀ ਹੈ। ਧੁੱਪ 'ਚ ਨਿਕਲਣ ਤੋਂ ਪਹਿਲਾਂ ਚਮੜੀ 'ਤੇ ਚੰਗੀ ਤਰ੍ਹਾਂ ਸਨਸਕਰੀਨ ਲਗਾਉਣਾ ਚਾਹੀਦਾ ਹੈ਼ ਇਸ ਨਾਲ ਚਮੜੀ ਸੂਰਜ ਦੀ ਤਿੱਖੀ ਧੁੱਪ ਤੇ ਹਾਨੀਕਾਰਕ ਕਿਰਨਾਂ ਤੋਂ ਬਚੀ ਰਹਿੰਦੀ ਹੈ ਤੇ ਨਿਖ਼ਾਰ ਕਾਇਮ ਰਹਿੰਦਾ ਹੈ।

# ਪ੍ਰਧਾਨਗੀ ਲੈਣ ਵਾਲੇ ਗੁਰੂ ਘਰਾਂ ਦੀਆਂ ਚੋਣਾਂ ਵਿੱਚ ਠੁਸ ਹੋ ਕੇ ਰਹਿ ਗਏ

## ਮੌਜੂਦਾ ਪ੍ਰਧਾਨ ਨੇ ਕਮੇਟੀ ਵਿਚ ਇਕ ਸਾਲ ਦਾ ਵਾਧਾ ਕਰਕੇ ਚੋਣ ਮਾਹੌਲ ਨੂੰ ਸ਼ਾਂਤ ਕੀਤਾ

ਮੈਰੀਲੈਂਡ
ਸੁਰਿੰਦਰ ਗਿੱਲ


ਗੁਰਦੁਆਰਾ ਸਿੱਖ ਐਸੋਸੇਸ਼ਨ ਬਾਲਟੀਮੋਰ ਮੈਰੀਲੈਡ ਪਹਿਲਾ ਗੁਰੂ ਘਰ ਹੈ। ਜਿੱਥੇ ਕਦੇ ਚੋਣਾ ਨਹੀ ਹੋਈਆਂ। ਸਗੋ ਮਿਲ ਬੈਠ ਕੇ ਸਰਬਸੰਮਤੀ ਨਾਲ ਪ੍ਰਬੰਧਕ ਕਮੇਟੀ ਚੁਣ ਲਈ ਜਾਦੀ ਸੀ। ਪਰ ਕੁਝ ਅਜਿਹੇ ਵਿਅਕਤੀਆਂ ਨੂੰ ਵਹਿਮ ਹੋ ਗਿਆ ਸੀ। ਉਹ ਗੁਰੂ ਘਰ ਨੂੰ ਅਪਨੇ ਮੁਤਾਬਕ ਚਲਾਉਣ ਨੂੰ ਤਰਜੀਹ ਦੇਣਗੇ। ਪਰ ਅਫ਼ਸੋਸ ਕਿ ਉਹਨਾਂ ਨੇ ਕੁਮਿਨਟੀ ਦੇ ਮੋਹਤਬਾਰਾ ਨੂੰ ਨਕਾਰ ਕੇ ਚੋਣਾ ਲਈ ਬਜ਼ਿਦ ਹੋਣ ਨੂੰ ਪਹਿਲ ਦਿਤੀ ਸੀ। ਕਿਉਂਕਿ ਨਾਸਤਕਤਾ ਦਾ ਭੂਤ ਸਵਾਰ ਸੀ। ਪਰ ਉਹਨਾਂ ਨੂੰ ਇਹ ਨਹੀਂ ਪਤਾ ਸੀ, ਕਿ ਗੁਰੂ ਘਰ ਨਾਲ ਮੱਥਾ ਲਾਉਣਾ ਖਤਰੇ ਤੇ ਖਾਲੀ ਨਹੀ ਹੈ।

ਆਮ ਕਹਾਵਤ ਹੈ। 'ਰੱਬ ਨੇੜੇ ਕਿ ਘੁਸੰਨ' ਭਾਵ ਜਦੋ ਹੈਂਕੜ ਤੇ ਅਭੀਮਾਨੀ ਕਿਸੇ ਵਿਚ ਪ੍ਰਵੇਸ਼ ਕਰ ਜਾਵੇ, ਤਾਂ ਸਮਝੋ ਕੁਝ ਐਸਾ ਵਾਪਰਨ ਵਾਲਾ ਹੈ। ਜਿਸ ਦਾ ਅੰਦਾਜ਼ਾ ਲਾਉਣਾ ਮੁਸ਼ਕਲ ਹੀ ਨਹੀਂ, ਸਗੋਂ ਨਾ-ਮੁਮਕਿਨ ਹੈ। ਅਜਿਹਾ ਹੀ ਗੁਰਦੁਆਰਾ ਸਿੱਖ ਐਸਿਸ਼ੇਸਨ ਗੁਰੂ ਘਰ ਦੇ ਚੋਣਾ ਕਰਵਾਉਣ ਵਾਲਿਆ ਨਾਲ ਹੋਇਆ ਹੈ। ਜਿੰਨਾ ਨੇ ਪਾਸ ਕੋਡ ਦੀ ਦੁਰ ਵਰਤੋ ਕਰਕੇ, ਮੈਂਬਰਸ਼ਿਪ ਵਿਚ ਅਜਿਹੀ ਘਪਲੇਬਾਜੀ ਕੀਤੀ ਹੈ। ਜਿਸ ਦੀ ਕਾਨੂੰਨ ਵਿੱਚ ਕੋਈ ਮੁਆਫ਼ੀ ਨਹੀਂ ਹੈ। ਜਿਸ ਵਿੱਚ ਚਾਰ ਪੰਜ ਅਜਿਹੇ ਭੋਲੇ ਵਿਅਕਤੀ ਫਸਾ ਦਿੱਤੇ ਹਨ। ਜੋ ਕਾਨੂੰਨ ਤੋ ਕੋਹਾਂ ਦੂਰ ਹਨ। ਇਸ ਗੱਲ ਦਾ ਪਰਦਾਫਾਸ਼ ਜਦੋ ਵਿਰੋਧੀਆਂ ਨੇ ਕੀਤਾ, ਤਾਂ ਚੁਪ ਚੁਪੀਤੇ ਕਮੇਟੀ ਵਿੱਚ ਇੱਕ ਸਾਲ ਦਾ ਵਾਧਾ ਕਰ ਦਿੱਤਾ ਗਿਆ ਹੈ। ਤਾਂ ਜੋ ਮੈਂਬਰਸ਼ਿਪ ਘਪਲੇਬਾਜ਼ੀ ਮਸਲਾ ਠੰਡਾ ਪੈ ਜਾਵੇ। ਪਰ ਅਜਿਹਾ ਹੋਣਾ ਮੁਸ਼ਕਲ ਹੈ। ਕਿਉਂਕਿ ਇਸ ਘਪਲੇਬਾਜੀ ਦੀ ਸਜਾ ਬਹੁਤ ਡਾਢੀ ਹੈ। ਜਿਸ ਦਾ ਅੰਦਾਜ਼ਾ ਤੇ ਇਲਮ ਘਪਲੇਬਾਜੀ ਕਰਨ ਵਾਲਿਆਂ ਨੂੰ ਨਹੀ ਹੈ। ਸਭ ਦੜ ਵੱਟੀ ਬੈਠੇ ਹਨ। ਜਿਵੇਂ ਕੁਝ ਹੋ ਹੀ ਨਹੀ ਰਿਹਾ ਹੈ। ਪਰ ਕੁਝ ਵਿਅਕਤੀਆਂ ਨੇ ਇਸ ਮਸਲੇ ਨੂੰ ਕੋਰਟ ਹਵਾਲੇ ਕਰਨ ਦਾ ਤਹੱਈਆ ਕੀਤਾ ਹੋਇਆ ਹੈ।

ਦੂਜੇ ਪਾਸੇ ਪ੍ਰਧਾਨ ਵੱਲੋਂ ਵੀ ਛੇ ਮੈਂਬਰੀ ਕਮੇਟੀ ਗਠਿਤ ਕੀਤੀ ਹੈ। ਉਹ ਚਹੁੰਦੇ ਹਨ ਕਿ ਇਸ ਮਸਲੇ ਦੀ ਤਹਿ ਤੱਕ ਜਾ ਕੇ ਦੋਸ਼ੀਆਂ ਨੂੰ ਸਜਾ ਦਾ ਭਾਗੀਦਾਰ ਬਣਾਇਆ ਜਾ ਸਕੇ। ਪਰ ਕੁਝ ਪੈਰੋਕਾਰ ਬਚਾਨੀਤੀ ਵੱਲ ਲੱਗੇ ਹੋਏ ਹਨ। ਕਿਉਂਕਿ ਪਾਸ ਕੋਡ ਦੀ ਚੋਰੀ ਜਾਂ ਇਸ ਦੇ ਲੀਕ ਕਰਨ ਜਾਂ ਹੋਣ ਵਾਲਿਆਂ ਵੱਲ ਵੀ ਸੂਈ ਉਠਦੀ ਪਈ ਹੈ। ਮਸਲਾ ਗੰਭੀਰ ਬਣਿਆ ਹੋਇਆ ਹੈ। ਜਿਸ ਲਈ ਹਾਲ ਦੀ ਘੜੀ ਹਰ ਦੋਸ਼ੀ ਬਿਟਰ ਬਿਟਰ ਇਕ ਦੂਜੇ ਵੱਲ ਵੇਖ ਰਿਹਾ ਹੈ। ਪਰ ਵਿਰੋਧੀ ਅਪਨੇ ਲੀਗਲ ਪੱਖ ਨੂੰ ਜਿਉਂ ਦਾ ਤਿਉਂ ਬਣਾਈ, ਲੀਗਲ ਐਕਸ਼ਨ ਲਈ ਉਪਰਾਲੇ ਕਰ ਰਹੇ ਹਨ। ਤਾਂ ਜੋ ਭਵਿੱਖ ਵਿੱਚ ਅਜਿਹਾ ਨਾ ਹੋਵੇ। ਕਈ ਅਪਨੇ ਦਗਮਜੇ ਵਜਾ ਰਹੇ ਹਨ। ਫਲਾਣਾ ਸੁਧਾਰ ਦਿੱਤਾ । ਫਲਾਣੇ ਨੂੰ ਖ਼ਬਰਾਂ ਲਿਖਣ ਤੋਂ ਹਟਾ ਦਿੱਤਾ। ਭਲੋ ਮਾਣਸੋ ਗੁਰੂ ਤੋ ਡਰੋ। ਗੁਰੂ ਘਰ ਨਾਲ ਮੱਥਾ ਲਾਉਣ ਦੇ ਹਸ਼ਰ ਤੋਂ ਜਾਣੂ ਹੋਵੋ। ਇਤਹਾਸ ਪੜੋ। ਬੇਨਿਯਮੀਆ ਕਰਨ ਤੋਂ ਬਾਜ ਆਉ। ਮਿਲ ਬੈਠ ਕੇ ਹਰ ਮਸਲੇ ਦਾ ਹੱਲ ਕਰੋ। ਗੁਰੂ ਘਰ ਦੀ ਬਿਹਤਰੀ ਵੱਲ ਧਿਆਨ ਦੇਵੋ। ਇਸੇ ਵਿੱਚ ਹੀ ਭਲਾ ਹੈ। ਪ੍ਰਧਾਨਗੀ ਲੈਣ ਵਾਲੇ ਠੰਡੇ ਹੋ ਕੇ ਰਹਿ ਗਏ ਹਨ। ਪਰ ਕਹਾਵਤ ਹੈ "ਰੱਸੀ ਜਲ ਗਈ, ਪਰ ਵੱਟ ਨਹੀ ਗਿਆ" ਭਾਵ ਮੱਤ ਸੋਚੋ ਸਭ ਠੀਕ ਹੈ। ਅਜੇ ਹੋਰ ਕਈ ਕੁਝ ਹੋਣਾ ਹੈ। ਇੰਤਜ਼ਾਰ ਕਰੋ। ਗੱਲਾਂ ਦਾ ਕੜਾਹ ਬਣਾਉਣ ਵਾਲੇ ਨਿੱਤ ਅਪਨੀ ਚਾਲ ਚੱਲੀ ਜਾ ਰਹੇ ਹਨ। ਪਰ ਕੁਮਿਨਟੀ ਨੂੰ ਜੋੜਨ ਤੇ ਇੱਕ ਹੋਕੇ ਵਿਚਰਨ ਨੂੰ ਤਰਜੀਹ ਦੇਵੋ। ਇਸੇ ਵਿੱਚ ਬਿਹਤਰੀ ਹੈ।


aap
AAM AADMI PARTY
VOTE & SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GULINDER GILL


aap
AAM AADMI PARTY
VOTE & SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GURDEEP GILL


EXIT REALTY
CONSULTANTS
150 W.Yosemite Ave.,Manteca ,CA ,95336
ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ
(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )
ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ
ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ
Raman Bassi
Realtor DRE # 02162139
ਵਧੇਰੇ ਜਾਣਕਾਰੀ ਲਈ ਕਾਲ ਕਰੋ
Cell : 510-432-8122
Office : 209-823-1234
www.RamanBassi.EXITHOME.COM
RBassi@EXITHOME.com

# ਵਿਜੀਲੈਂਸ ਬਿਊਰੋ ਵੱਲੋਂ ਜੰਗ-ਏ-ਅਜਾਦੀ ਯਾਦਗਾਰ ਕਰਤਾਰਪੁਰ ਦੀ ਉਸਾਰੀ ਸਬੰਧੀ ਫੰਡਾਂ ਵਿੱਚ ਘਪਲੇਬਾਜੀ ਦੇ ਦੋਸ਼ ਹੇਠ 26 ਵਿਅਕਤੀਆਂ ਵਿਰੁੱਧ ਕੇਸ ਦਰਜ, 15 ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿਜੀਲੈਂਸ ਬਿਓਰੋ ਨੇ ਅੱਜ ਜੰਗ-ਏ-ਅਜਾਦੀ ਯਾਦਗਾਰ, ਕਰਤਾਰਪੁਰ ਦੀ ਉਸਾਰੀ ਸਬੰਧੀ ਫੰਡਾਂ ਵਿੱਚ ਵੱਡੇ ਪੱਧਰ ਤੇ ਘਪਲੇਬਾਜ਼ੀ ਕਰਕੇ ਸਰਕਾਰੀ ਖਜਾਨੇ ਨੂੰ ਕਰੋੜਾਂ ਰੁਪਏ ਦਾ ਵਿੱਤੀ ਨੁਕਸਾਨ ਪਹੁੰਚਾਏ ਜਾਣ ਦੇ ਦੋਸ਼ ਹੇਠ 26 ਮੁਲਜ਼ਮਾਂ ਵਿਰੁੱਧ ਕੇਸ ਦਰਜ ਕਰਕੇ 15 ਅਧਿਕਾਰੀਆਂ/ਕਰਮਚਾਰੀਆਂ ਸਮੇਤ ਇਕ ਪ੍ਰਾਇਵੇਟ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਹੈ, ਜਿਨ੍ਹਾਂ ਨੂੰ ਕੱਲ੍ਹ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਇੰਨਕੁਆਰੀ ਨੰਬਰ 05/2023 ਦੀ ਪੜਤਾਲ ਤੋਂ ਜੰਗ-ਏ-ਅਜਾਦੀ ਯਾਦਗਾਰ, ਕਰਤਾਰਪੁਰ ਦੀ ਉਸਾਰੀ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਫੰਡਾਂ ਵਿੱਚ ਕੀਤੀ ਗਈ ਘਪਲੇਬਾਜ਼ੀ ਕਰਕੇ ਸਰਕਾਰੀ ਖਜਾਨੇ ਨੂੰ ਕਰੋੜਾਂ ਰੁਪਏ ਦਾ ਵਿੱਤੀ ਨੁਕਸਾਨ ਪਹੁੰਚਾਏ ਜਾਣ ਸਬੰਧੀ ਵਿਜੀਲੈਂਸ ਬਿਓਰੋ ਵੱਲੋਂ ਮੁਕੱਦਮਾ ਨੰਬਰ 9 ਮਿਤੀ 22.05.2024 ਨੂੰ ਆਈ.ਪੀ.ਸੀ ਦੀ ਧਾਰਾ 420, 406, 409, 465, 467, 468, 471, 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1)ਏ ਸਮੇਤ 13(2) ਥਾਣਾ ਵਿਜੀਲੈਂਸ ਬਿਉਰੋ, ਰੇਂਜ ਜਲੰਧਰ ਵਿਖੇ ਦਰਜ ਕਰ ਲਿਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਕੁੱਲ 26 ਮੁਲਜਮਾਂ ਵਿਚੋਂ ਹੁਣ ਤੱਕ 15 ਮੁਲਜਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਜਿਨ੍ਹਾ ਵਿਚ ਦੀਪਕ ਕੁਮਾਰ ਸਿੰਗਲ (ਮਾਲਕ) ਮੈਸਰਜ ਦੀਪਕ ਬਿਲਡਰ ਵਾਸੀ ਰਾਜ ਗੁਰੂ ਨਗਰ, ਲੁਧਿਆਣਾ (ਪ੍ਰਾਈਵੇਟ ਵਿਅਕਤੀ), ਅਰਵਿੰਦਰ ਸਿੰਘ, ਚੀਫ ਇੰਜੀਨੀਅਰ (ਰਿਟਾਇਰਡ)-ਕਮ ਇੰਡੀਪੈਂਡਿਟ ਇੰਜੀਨੀਅਰ ਜੰਗ-ਏ-ਅਜਾਦੀ ਵਾਸੀ ਸੈਕਟਰ-38ਬੀ ਚੰਡੀਗੜ, ਤੇਜ਼ ਰਾਮ ਕਟਨੌਰੀਆ, ਐਕਸੀਅਨ ਪੀ.ਡਬਲਯੂ.ਡੀ (ਬੀ.ਐਂਡ ਆਰ) ਸ਼ਾਖਾ-2 ਜਲੰਧਰ (ਚੀਫ ਇੰਜੀਨੀਅਰ ਰਿਟਾਇਰਡ) ਵਾਸੀ ਪਾਰਕ ਐਵੀਨਿਊ, ਜਲੰਧਰ, ਰਾਜੀਵ ਕੁਮਾਰ ਅਰੋੜਾ, ਜੇ.ਈ (ਐਸ.ਡੀ.ਓ. ਰਿਟਾਇਰਡ) ਪੀ.ਡਬਲਯੂ.ਡੀ (ਬੀ.ਐਂਡ ਆਰ) ਸਬ-ਡਵੀਜਨ ਪ੍ਰੋਵੈਸ਼ੀਅਲ ਡਵੀਜਨ-3 ਜਲੰਧਰ ਵਾਸੀ ਸੈਕਟਰ-11, ਪੰਚਕੂਲਾ, ਰੋਹਿਤ ਕੁਮਾਰ ਜੇ.ਈ, ਪੀ.ਡਬਲਯੂ.ਡੀ (ਬੀ.ਐਂਡ ਆਰ) ਕੰਨਸਟਰੱਕਸ਼ਨ ਡਵੀਜਨ-3 ਜਲੰਧਰ (ਹੁਣ ਜੇ.ਈ ਮਕੈਨੀਕਲ ਡਵੀਜਨ ਜਲੰਧਰ ਵਾਸੀ ਪਿੰਡ ਨੂਸੀ, ਜਿਲਾ ਜਲੰਧਰ, ਰਘਵਿੰਦਰ ਸਿੰਘ ਐਕਸੀਅਨ, ਉਪ ਮੰਡਲ ਅਫਸਰ, ਲੋਕ ਨਿਰਮਾਣ ਵਿਭਾਗ (ਭ.ਤੇ ਮ. ਸ਼ਾਖਾ) ਇਲੈਕਟ੍ਰੀਕਲ ਡਵੀਜਨ ਵਾਸੀ ਸੈਕਟਰ 110, ਮੋਹਾਲੀ, ਸੰਤੋਸ਼ ਰਾਜ ,ਐਕਸੀਅਨ, ਇਲੈਕਟ੍ਰੀਕਲ ਡਵੀਜਨ ਅੰਮ੍ਰਿਤਸਰ (ਰਿਟਾਇਰਡ) ਵਾਸੀ ਗਰੀਨ ਸਿਟੀ ਅਕਾਸ਼ ਐਵੀਨਿਊ, ਅੰਮ੍ਰਿਤਸਰ, ਹਰਪਾਲ ਸਿੰਘ ਐਸ.ਡੀ.ਓ, ਇਲੈਕਟ੍ਰੀਕਲ ਸਬ-ਡਵੀਜਨ ਜਲੰਧਰ (ਐਕਸੀਅਨ ਇਲੈਕਟਰੀਕਲ ਲੁਧਿਆਣਾ) ਵਾਸੀ ਪ੍ਰੀਤ ਨਗਰ ਲੁਧਿਆਣਾ, ਜਤਿੰਦਰ ਅਰਜੁਨ ਐਸ.ਡੀ.ਓ ਹੁਣ ਐਕਸੀਅਨ ਇਲੈਕਟ੍ਰੀਕਲ ਸਬ-ਡਵੀਜਨ ਜਲੰਧਰ (ਐਕਸੀਅਨ ਮਕੈਨੀਕਲ ਡਵੀਜਨ ਪੀ.ਡਬਲਯੂ.ਡੀ (ਬੀ.ਐਂਡ ਆਰ ਜਲੰਧਰ) ਵਾਸੀ ਜਲੰਧਰ ਕੈਂਟ, ਹਰਪ੍ਰੀਤ ਸਿੰਘ, ਜੇ.ਈ ਇਲੈਕਟ੍ਰੀਕਲ ਸਬ-ਡਵੀਜਨ ਜਲੰਧਰ ਕੈਂਟ ਵਾਸੀ ਪਿੰਡ ਜਲਾਲ ਭੁਲਾਣਾ, ਜਿਲਾ ਕਪੂਰਥਲਾ, ਮਨਦੀਪ ਸਿੰਘ, ਜੇ.ਈ ਇਲੈਕਟ੍ਰੀਕਲ ਸਬ-ਡਵੀਜਨ ਜਲੰਧਰ ਵਾਸੀ ਅਰਬਨ ਅਸਟੇਟ ਫੇਸ-2, ਜਲੰਧਰ, ਐਨ.ਪੀ ਸਿੰਘ, ਐਕਸੀਅਨ, ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਾਸੀ ਛੋਟੀ ਬਾਰਾਂਦਰੀ ਜਲੰਧਰ, ਰੱਜਤ ਗੋਪਾਲ, ਐਸ.ਡੀ.ਓ, ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਜਲੰਧਰ (ਐਕਸੀਅਨ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਤਰਨ ਤਾਰਨ) ਵਾਸੀ ਗੋਪਾਲ ਪਾਰਕ ਕਪੂਰਥਲਾ, ਗੌਰਵਦੀਪ, ਜੇ.ਈ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਡਵੀਜਨ-1, ਜਲੰਧਰ ਵਾਸੀ ਮਾਸਟਰ ਤਾਰਾ ਸਿੰਘ ਨਗਰ, ਜਲੰਧਰ ਅਤੇ ਰੋਹਿਤ ਕੌਂਡਲ, ਜੇ.ਈ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਡਵੀਜਨ-3 ਜਲੰਧਰ, ਸਬ-ਡਵੀਜਨ ਨਕੋਦਰ, ਜਿਲ੍ਹਾ ਜਲੰਧਰ ਵਾਸੀ ਮਧੂਬਨ ਕਲੋਨੀ, ਕਪੂਰਥਲਾ ਨੂੰ ਗ੍ਰਿਫਤਾਰ ਕੀਤਾ ਗਿਆ। ਜਿਨ੍ਹਾਂ ਨੂੰ ਕੱਲ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕਰਕੇ ਪੁੱਛਗਿੱਛ ਕੀਤੀ ਜਾਵੇਗੀ।



ਇਸ ਮੁਕੱਦਮੇ ਦੇ ਬਾਕੀ ਫਰਾਰ ਮੁਲਜ਼ਮ ਵਿਨੈ ਬੁਬਲਾਨੀ, ਆਈ.ਏ.ਐਸ., ਸਾਬਕਾ ਮੁੱਖ ਕਾਰਜਕਾਰੀ ਅਫਸਰ ਜੰਗ-ਏ-ਆਜ਼ਾਦੀ ਅਤੇ ਹੋਰ, ਨੂੰ ਗ੍ਰਿਫਤਾਰ ਕਰਨ ਲਈ ਉਨ੍ਹਾਂ ਦੇ ਰਿਹਾਇਸ਼ੀ ਅਤੇ ਹੋਰ ਠਿਕਾਣਿਆ ਤੇ ਦਬਿਸ਼ ਦਿੱਤੀ ਜਾ ਰਹੀ ਹੈ। ਇਸ ਕੇਸ ਦੀ ਹੋਰ ਤਫਤੀਸ਼ ਜਾਰੀ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲ਼ੈਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪੜਤਾਲ ਤੋਂ ਪਾਇਆ ਗਿਆ ਕਿ ਸਾਲ 2012 ਵਿੱਚ ਤਤਕਾਲੀ ਪੰਜਾਬ ਸਰਕਾਰ ਨੇ ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਤੋਂ ਲੈ ਕੇ ਭਾਰਤ ਦੀ ਅਜ਼ਾਦੀ ਤੱਕ ਭਾਵ ਸਾਲ 1947 ਤੱਕ ਭਾਰਤ ਦੀ ਅਜ਼ਾਦੀ ਦੇ ਸੰਘਰਸ਼ ਅਤੇ ਅਜਾਦੀ ਵਿੱਚ ਪੰਜਾਬੀਆਂ ਦੀ ਭੂਮਿਕਾ ਨੂੰ ਦਰਸਾਉਂਦੀ ਯਾਦਗਾਰ ਬਣਾਉਣ ਦਾ ਪ੍ਰਸਤਾਵ ਰੱਖਿਆ ਸੀ, ਤਾਂ ਜ਼ੋ ਅਗਲੀਆਂ ਆਉਣ ਵਾਲੀਆਂ ਪੀੜ੍ਹੀਆਂ ਭਾਰਤ ਦੇ ਅਜਾਦੀ ਸੰਗਰਾਮ ਵਿੱਚ ਪੰਜਾਬੀਆਂ ਦੇ ਇਤਹਾਸ ਅਤੇ ਯੋਗਦਾਨ ਬਾਰੇ ਜਾਣੂ ਹੋਣ। ਪੰਜਾਬ ਸਰਕਾਰ ਨੇ ਉਪਰੋਕਤ ਪ੍ਰੋਜੈਕਟ ਨੂੰ ਪੂਰਾ ਕਰਨ ਲਈ 315 ਕਰੋੜ ਰੁਪਏ ਦੀ ਰਾਸ਼ੀ ਮੰਨਜੂਰ ਕੀਤੀ ਅਤੇ ਨੈਸ਼ਨਲ ਹਾਈਵੇ ਕਰਤਾਰਪੁਰ ਜ਼ਿਲ੍ਹਾ ਜਲੰਧਰ ਤੇ ਸਥਿਤ 25 ਏਕੜ ਪ੍ਰਮੁੱਖ ਜ਼ਮੀਨ ਇਸ ਮੰਤਵ ਲਈ ਅਲਾਟ ਕੀਤੀ ਗਈ ਸੀ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਪ੍ਰੋਜੈਕਟ ਦੇ ਕੰਮ ਨੂੰ ਨੇਪਰੇ ਚਾੜਨ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ ਸੀ, ਜਿਸ ਵਿੱਚ ਬਰਜਿੰਦਰ ਸਿੰਘ ਹਮਦਰਦ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ ਸੀ। ਇਸ ਪ੍ਰੋਜੈਕਟ ਦੀ ਉਸਾਰੀ ਸਬੰਧੀ ਸਾਰੀ ਦੇਖ ਰੇਖ ਬਰਜਿੰਦਰ ਸਿੰਘ ਹਮਦਰਦ ਪ੍ਰਧਾਨ ਕਾਰਜਕਾਰੀ ਕਮੇਟੀ, ਪ੍ਰਬੰਧਕੀ ਕਮੇਟੀ ਅਤੇ ਵਿਨੈ ਬੁਬਲਾਨੀ ਆਈ.ਏ.ਐਸ. ਮੁੱਖ ਕਾਰਜਕਾਰੀ ਅਫਸਰ ਵੱਲੋਂ ਕੀਤੀ ਗਈ ਅਤੇ ਬਾਕੀ ਕਿਸੇ ਵੀ ਕਮੇਟੀ ਮੈਂਬਰਾਂ ਨੂੰ ਫਾਊਡੇਸ਼ਨ ਦੇ ਬਣਾਏ ਗਏ ਰੂਲਜ਼ ਐਂਡ ਬਾਈ-ਲਾਅਜ਼ ਅਤੇ ਡੀਡ ਆਫ ਡੈਕਲਾਰੇਸ਼ਨ ਦੇ ਸਿੱਧੇ ਤੌਰ ਤੇ ਕੋਈ ਅਧਿਕਾਰ ਨਹੀਂ ਦਿੱਤੇ ਗਏ ਸਨ। ਬਰਜਿੰਦਰ ਸਿੰਘ ਹਮਦਰਦ ਅਤੇ ਵਿਨੈ ਬੁਬਲਾਨੀ ਵੱਲੋਂ ਉਕਤ ਰੂਲਾਂ ਦੀ ਉਲੰਘਣਾ ਕਰਦੇ ਹੋਏ ਜੰਗ ਏ ਅਜਾਦੀ ਦੀ ਉਸਾਰੀ ਨਾਲ ਸਬੰਧਤ ਸੀਵਰੇਜ ਟਰੀਟਮੈਂਟ ਪਲਾਂਟ, ਲੈਂਡਸਕੇਪਿੰਗ, ਸੰਚਾਲਨ ਅਤੇ ਦੇਖਭਾਲ/ਦਸਤਾਵੇਜ਼ੀ ਫਿਲਮ ਬਣਾਉਣ ਦੇ ਕੰਮ ਬਿਨ੍ਹਾਂ ਟੈਂਡਰ ਪ੍ਰਣਾਲੀ ਅਪਣਾਏ ਆਪਣੇ ਖਾਸ ਠੇਕੇਦਾਰ/ਵਿਅਕਤੀ ਦੀਪਕ ਬਿਲਡਰਜ਼/ ਸ਼ਾਮ ਬੈਨੇਗਲ ਫਿਲਮ ਨਿਰਦੇਸ਼ਕ ਨੂੰ ਸੌਂਪ ਦਿੱਤੇ ਗਏ।

ਹੋਰ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਬਰਜਿੰਦਰ ਸਿੰਘ ਹਮਦਰਦ ਅਤੇ ਵਿਨੈ ਬੁਬਲਾਨੀ ਵੱਲੋਂ ਪੰਜਾਬ ਫਰੀਡਮ ਮੂਵਮੈਂਟ ਮੈਮੋਰੀਅਲ ਫਾਊਂਡੇਸ਼ਨ ਡੀਡ(2012) ਵਿੱਚ ਮੱਦ ਨੰਬਰ 9 ਅਤੇ 10 ਮੁਤਾਬਿਕ ਆਪਣੇ ਬਣਦੇ ਅਧਿਕਾਰਾਂ ਦੀ ਦੁਰਵਰਤੋਂ ਕਰਦੇ ਹੋਏ ਆਪਣੇ ਨਿੱਜੀ ਮੁਫਾਦ ਲਈ ਠੇਕੇਦਾਰਾਂ ਦੀਪਕ ਬਿਲਡਰਜ਼/ਗੋਦਰੇਜ਼ ਐਂਡ ਬੋਇਸ ਕੰਪਨੀ ਅਤੇ ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ ਨਾਲ ਮਿਲੀਭੁਗਤ ਕਰਕੇ ਜੰਗ ਏ ਅਜਾਦੀ ਪ੍ਰੋਜੈਕਟ ਦੀ ਉਸਾਰੀ ਰਾਜ ਰਾਵੇਲ ਮਾਸਟਰ ਟੈਕਨੀਕਲ ਕੰਸਲਟੈਂਟ (ਐੱਮਟੀਸੀ) ਐੱਨਐੱਸ/ਈ.ਡੀ.ਸੀ, ਕ੍ਰਿਏਟਿਵ ਟੈਕਨੋਲੋਜੀ ਸੋਲਿਊਸ਼ਨ ਲਿਮਟਿਡ (ਮਿਊਜ਼ੀਅਮ ਸਲਾਹਕਾਰ) ਤੋਂ ਪਲਾਨ ਮੁਤਾਬਿਕ ਮੁਕੰਮਲ ਕਰਵਾਏ ਬਗੈਰ ਨਾਨ ਸ਼ਡਿਊਲ ਆਈਟਮ ਦੀ ਆੜ ਹੇਠ ਉਕਤ ਠੇਕੇਦਾਰਾਂ, ਕੰਪਨੀਆਂ ਨੂੰ ਉਹਨਾਂ ਦੀਆਂ ਬਿਡਿੰਗ ਰਾਸ਼ੀਆਂ ਤੋਂ ਵੀ ਵੱਧ ਦੀਆਂ ਅਦਾਇਗੀਆਂ ਕੀਤੀਆਂ।

ਪੜਤਾਲ ਦੌਰਾਨ ਸਾਹਮਣੇ ਆਇਆ ਹੈ ਕਿ ਜੰਗ-ਏ-ਅਜਾਦੀ ਦੀ ਉਸਾਰੀ ਦਾ ਨਕਸ਼ਾ, ਪਲਾਨ ਤਿਆਰ ਕਰਨ ਲਈ ਰਾਜ ਰਵੇਲ ਮਾਸਟਰ ਟੈਕਨੀਕਲ ਕੰਸਲਟੈਂਟ ਨੂੰ ਕਰੀਬ 6 ਕਰੋੜ ਅਤੇ ਈ.ਡੀ.ਸੀ, ਕ੍ਰਿਏਟਿਵ ਟੈਕਨੋਲੋਜੀ ਸੋਲਿਊਸ਼ਨ ਲਿਮਟਿਡ ਨੂੰ ਕਰੀਬ 3 ਕਰੋੜ ਰੁਪਏ ਦਿੱਤੇ ਗਏ ਸਨ, ਇਸ ਦੇ ਬਾਵਜੂਦ ਬਰਜਿੰਦਰ ਸਿੰਘ ਹਮਦਰਦ ਅਤੇ ਵਿਨੈ ਬੁਬਲਾਨੀ ਵੱਲੋਂ ਅਸਲ ਬਿਲਾਂ ਨੂੰ ਅੱਖੋ-ਪਰੋਖੇ ਕਰਦੇ ਹੋਏ ਅਤੇ ਉਕਤ ਦੋਨੋ ਕੰਸਲਟੈਂਟਾਂ ਨਾਲ ਸਾਜ-ਬਾਜ ਹੋ ਕੇ ਗੈਰ ਸ਼ਿਡਿਊਲ ਆਈਟਮਾਂ ਪ੍ਰਵਾਨ ਕਰ ਦਿੱਤੀਆਂ ਜਿਵੇਂ ਕਿ ਜੰਗ-ਏ-ਅਜ਼ਾਦੀ ਵਿੱਚ ਬਨਣ ਵਾਲੇ 6 ਗੁਬੰਦਾਂ ਨੂੰ ਆਰ.ਸੀ.ਸੀ. ਸਟਰੱਕਚਰ ਦੀ ਬਜਾਏ ਸਟੀਲ ਸਟਰੱਕਚਰ ਵਿੱਚ ਬਣਾ ਕੇ ਕਰੋੜਾਂ ਰੁਪਏ ਵਸੂਲ ਕਰ ਲਏ ਗਏ। ਸਟੋਨ ਕਲੈਡਿੰਗ ਦੇ ਕੰਮ ਲਈ ਹਿਲਟੀ ਕਰੈਂਪਸ ਦੀ ਵਰਤੋਂ, ਸੈਟਰਿੰਗ ਅਤੇ ਸ਼ਟਰਿੰਗ ਦੀ ਆਈਟਮ ਨੂੰ ਨਾਨ ਸ਼ਡਿਊਲ ਆਈਟਮ ਬਣਾ ਕੇ ਵੱਧ ਰੇਟ ਦੇ ਕੇ ਕਰੋੜਾਂ ਰੁਪਏ ਵਾਧੂ ਅਦਾਇਗੀ ਸਬੰਧਤ ਠੇਕੇਦਾਰ ਨੂੰ ਕੀਤੀ ਗਈ। ਇਸ ਤੋਂ ਇਲਾਵਾ ਦੀਪਕ ਬਿਲਡਰਜ਼ ਵੱਲੋਂ ਪ੍ਰਾਇਮਰੀ ਸਟੀਲ ਦਾ ਮੁੱਦਾ ਉਠਾਕੇ ਬਰਜਿੰਦਰ ਸਿੰਘ ਹਮਦਰਦ ਤੇ ਵਿਨੈ ਬੁਬਲਾਨੀ ਸੀ.ਈ.ਓ ਦੀ ਸ਼ਹਿ ਪਰ ਬਿਨ੍ਹਾਂ ਕਾਰਜਕਾਰੀ ਕਮੇਟੀ ਦੀ ਪ੍ਰਵਾਨਗੀ ਦੇ ਅਪ੍ਰੈਲ 2015 ਤੋਂ ਪ੍ਰਾਇਮਰੀ ਸਟੀਲ (ਟਾਟਾ ਸਟੀਲ) ਖਰੀਦ ਕਰਨਾ ਸ਼ੁਰੂ ਕਰ ਦਿੱਤਾ। ਬਰਜਿੰਦਰ ਸਿੰਘ ਹਮਦਰਦ ਪ੍ਰਧਾਨ ਤੇ ਵਿਨੈ ਬੁਬਲਾਨੀ ਸੀ.ਈ.ਓ ਵਲੋਂ ਕਾਰਜਕਾਰੀ ਕਮੇਟੀ ਦੀ ਮੀਟਿੰਗ ਵਿਚ ਕਰੀਬ ਤਿੰਨ ਮਹੀਨੇ ਬਾਅਦ ਦੀਪਕ ਬਿਲਡਰ ਨੂੰ ਪ੍ਰਾਇਮਰੀ ਸਟੀਲ ਦੇ ਨਾਮ ਪਰ ਟਾਟਾ ਸਟੀਲ ਖਰੀਦਣ ਦੀ ਪ੍ਰਵਾਨਗੀ ਦੇ ਕੇ ਕਰੋੜਾਂ ਰੁਪਏ ਦੀ ਅਦਾਇਗੀ ਕਰ ਦਿੱਤੀ ਗਈ।

ਬੁਲਾਰੇ ਨੇ ਦੱਸਿਆ ਕਿ ਜੰਗ-ਏ-ਅਜਾਦੀ ਯਾਦਗਾਰ ਦੀ ਉਸਾਰੀ ਐਮ.ਟੀ.ਸੀ ਰਾਜ ਰਾਵੇਲ ਅਤੇ ਮਿਊਜੀਅਮ ਕੰਨਸਲਟੈਂਟ ਈ.ਡੀ.ਸੀ ਕਰੀਏਵਿਟ ਟੈਕਨੋਲੋਜੀ ਸਲਇਊਸ਼ਨ ਦੇ ਪਲਾਨਾਂ ਮੁਤਾਬਿਕ ਨਹੀਂ ਹੋਈ ਹੈ ਅਤੇ ਐਮ.ਟੀ.ਸੀ ਰਾਜ ਰਾਵੇਲ ਵਲੋਂ ਤਿਆਰ ਕੀਤੇ ਗਏ ਬਿਲਾਂ ਵਿਚ ਸਿਵਲ ਦੀਆਂ ਕੁਲ 235 ਆਈਟਮਾਂ ਵਿਚੋਂ 103 ਆਈਟਮਾਂ ਨੂੰ ਬਿੱਲ, ਟੈਂਡਰ ਨੂੰ ਅੱਖੋਂ ਪਰੋਖੇ ਕਰਕੇ ਨਾਨ ਸ਼ਡਿਊਲ ਕਰਕੇ ਠੇਕੇਦਾਰ ਦੀਪਕ ਬਿਲਡਰ ਨੂੰ ਕਰੋੜਾਂ ਰੁਪਏ ਦਾ ਵਾਧੂ ਵਿੱਤੀ ਲਾਭ ਦਿੱਤਾ ਗਿਆ ਜਿਸ ਕਰਕੇ ਇਸ ਪੈਸੇ ਨਾਲ ਉਸਾਰੀਆਂ ਜਾਣ ਵਾਲੀਆਂ ਕਾਫੀ ਉਸਾਰੀਆਂ ਜਿਵੇਂ ਕਿ 10 ਬੁੱਤ, ਪਹਿਲੀ ਮੰਜਿਲ ਤੇ ਸਥਿਤ 04 ਗੈਲਰੀਆਂ, ਮੈਮੋਰੀਅਲ ਆਈਕਨ, ਫੂਡ ਕੋਰਟ, ਐਟਰੀਅਮ ਆਦਿ ਅੱਜ ਵੀ ਅਧੂਰੀਆਂ ਪਈਆਂ ਹੋਈਆਂ ਹਨ। ਇਸ ਤੋਂ ਇਲਾਵਾ ਬਰਜਿੰਦਰ ਸਿੰਘ ਹਮਦਰਦ ਜ਼ੋ ਕਿ ਮੈਨੇਜਮੈਂਟ ਕਮੇਟੀ ਦਾ ਵੀ ਪ੍ਰਧਾਨ ਸੀ, ਵੱਲੋਂ ਕਰੀਬ 14 ਕਰੋੜ ਦੀ ਲਾਗਤ ਨਾਲ ਲੇਜ਼ਰ ਸੋਅ ਬਣਾਇਆ ਗਿਆ ਸੀ ਜ਼ੋ ਕਿ ਸਾਲ 2020 ਤੋਂ ਬੰਦ ਪਿਆ ਹੈ, ਜਿਸ ਨਾਲ ਵੀ ਸਰਕਾਰ ਨੂੰ ਵਿੱਤੀ ਨੁਕਸਾਨ ਹੋਇਆ ਹੈ।

ਇਹ ਇਮਾਰਤ ਬਿਲਾਂ ਅਤੇ ਡੀ.ਐਨ.ਆਈ.ਟੀ ਟੈਂਡਰ ਮੁਤਾਬਿਕ ਅਜੇ ਵੀ ਮੁਕੰਮਲ ਤੌਰ ਤੇ ਤਿਆਰ ਨਹੀਂ ਹੋਈ। ਜੰਗ-ਏ-ਅਜਾਦੀ ਪ੍ਰੋਜੈਕਟ ਦੇ ਕੰਮਾਂ ਦਾ ਵੱਖ-ਵੱਖ ਟੈਕਲੀਨਕਲ ਟੀਮਾਂ ਤੋਂ ਮੁਲਾਹਜਾ ਕਰਵਾਇਆ ਗਿਆ ਜਿਨ੍ਹਾਂ ਵੱਲੋਂ ਦਿੱਤੀ ਗਈ ਰਿਪੋਰਟ ਮੁਤਾਬਿਕ ਠੇਕੇਦਾਰਾਂ ਨੂੰ ਵਾਧੂ ਅਦਾਇਗੀ ਕਰਕੇ ਸਿੱਧੇ ਤੌਰ ਤੇ 27,23,62,615 ਰੁਪਏ ਦਾ ਸਰਕਾਰ ਨੂੰ ਵਿੱਤੀ ਨੁਕਸਾਨ ਪਹੁੰਚਾਇਆ ਹੈ। ਜ਼ੋ ਜੰਗ-ਏ-ਅਜਾਦੀ ਪ੍ਰੋਜੈਕਟ ਦਾ ਜ਼ੋ ਕੰਮ ਅਧੂਰਾ ਪਿਆ ਹੈ ।

ਇਸ ਤੋਂ ਇਲਾਵਾ ਜੰਗ-ਏ-ਆਜ਼ਾਦੀ ਵਿਖੇ ਲਗਭਗ 14 ਕਰੋੜ ਰੁਪਏ ਦੀ ਲਾਗਤ ਨਾਲ ਲਗਾਇਆ ਗਿਆ ਲੇਜ਼ਰ ਸ਼ੋਅ 2020 ਤੋਂ ਬੰਦ ਪਾਇਆ ਗਿਆ ਅਤੇ ਬਰਜਿੰਦਰ ਸਿੰਘ ਹਮਦਰਦ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸਨ, ਪਰ ਉਨ੍ਹਾਂ ਨੇ ਆਪਣੀ ਜਿੰਮੇਵਾਰੀ ਨਹੀਂ ਨਿਭਾਈ ਅਤੇ ਇਸ ਲੇਜ਼ਰ ਸ਼ੋ ਨੂੰ ਗੈਰ-ਕਾਰਜਸ਼ੀਲ ਰੱਖਿਆ ਜਿਸ ਨਾਲ ਸਰਕਾਰ ਦਾ ਬਹੁਤ ਮਾਲੀ ਨੁਕਸਾਨ ਹੋਇਆ।

ਉਨ੍ਹਾਂ ਕਿਹਾ ਕਿ ਮੁਲਜ਼ਮ ਬਰਜਿੰਦਰ ਸਿੰਘ ਹਮਦਰਦ ਅਤੇ ਵਿਨੈ ਬੁਬਲਾਨੀ, ਆਈਏਐਸ ਪ੍ਰਧਾਨ ਅਤੇ ਸੀ.ਈ.ਓ ਕਾਰਜਕਾਰੀ ਕਮੇਟੀ ਕ੍ਰਮਵਾਰ ਐਮਟੀਸੀ ਦੇ ਅਨੁਸਾਰ ਸਮਾਰਕ ਦੀ ਉਸਾਰੀ ਕਰਵਾਉਣ ਅਤੇ ਯੋਜਨਾ ਤੇ ਬਿੱਲ ਆਫ ਕੁਆਂਟਟੀ, ਡੀਐਆਈਟੀ ਟੈਂਡਰ ਮੁਤਾਬਕ ਕੰਮ ਕਰਾਵਉਣ ਵਿੱਚ ਅਸਫ਼ਲ ਰਹੇ। ਕਈ ਟੀਮਾਂ ਵੱਲੋਂ ਜੰਗ-ਏ-ਆਜ਼ਾਦੀ ਪ੍ਰੋਜੈਕਟ ਦੇ ਕੰਮ ਦਾ ਜਾਇਜ਼ਾ ਲਿਆ ਗਿਆ ਅਤੇ ਉਨ੍ਹਾਂ ਵੱਲੋਂ ਦਿੱਤੀ ਗਈ ਰਿਪੋਰਟ ਅਨੁਸਾਰ ਇਹ ਸਿੱਟਾ ਨਿਕਲਿਆ ਹੈ ਕਿ ਸਿੱਧੇ ਦੀ ਉਸਾਰੀ ਵਿੱਚ ਠੇਕੇਦਾਰਾਂ ਨੂੰ ਵਾਧੂ ਪੈਸੇ ਦੇ ਕੇ ਜੰਗ-ਏ-ਆਜ਼ਾਦੀ ਯਾਦਗਾਰ ਸਰਕਾਰੀ ਖਜ਼ਾਨੇ ਨੂੰ 27, 23, 62, 615 ਰੁਪਏ ਦਾ ਵਿੱਤੀ ਨੁਕਸਾਨ ਹੋਇਆ ਹੈ। ਇਸ ਤੋਂ ਇਲਾਵਾ ਜੰਗ-ਏ-ਆਜ਼ਾਦੀ ਪ੍ਰੋਜੈਕਟ ਦਾ ਕੰਮ ਜੋ ਅਜੇ ਵੀ ਅਧੂਰਾ ਹੈ ਜਾਂ ਗਲਤ ਤਰੀਕੇ ਨਾਲ ਬਣਾਇਆ ਗਿਆ ਹੈ, ਦਾ ਹੋਰ ਵਿੱਤੀ ਬੋਝ ਪਵੇਗਾ।

# ਭਾਰਤੀ ਅਮਰੀਕੀ ਜੱਜ ਬਲਸਾਰਾ ਡਿਸਟ੍ਰਿਕਟ ਜੱਜ ਬਣੇ, ਸੈਨੇਟ ਨੇ ਕੀਤੀ ਪੁਸ਼ਟੀ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਯੂ ਐਸ ਸੈਨੇਟ ਨੇ ਭਾਰਤੀ ਅਮਰੀਕੀ ਜੱਜ ਸੰਕੇਟ ਬਲਸਾਰਾ ਦੀ ਨਿਊਯਾਰਕ ਦੇ ਪੂਰਬੀ ਜਿਲੇ ਲਈ ਡਿਸਟ੍ਰਿਕਟ ਜੱਜ ਵਜੋਂ 51-42 ਵੋਟਾਂ ਦੇ ਅੰਤਰ ਨਾਲ ਪੁਸ਼ਟੀ ਕਰ ਦਿੱਤੀ ਹੈ। ਇਸ ਪੂਰਬੀ ਜਿਲੇ ਵਿਚ ਬਰੁਕਲਿਨ, ਕੁਈਨਜ ਤੇ ਲੌਂਗ ਆਈਲੈਂਡ ਆਉਂਦੇ ਹਨ ਜਿਨਾਂ ਦੀ ਆਬਾਦੀ 70 ਲੱਖ ਹੈ। ਸੈਨੇਟ ਦੇ ਬਹੁਗਿਣਤੀ ਆਗੂ ਚਕ ਸ਼ੂਮਰ ਨੇ ਜਾਰੀ ਇਕ ਬਿਆਨ ਵਿਚ ਕਿਹਾ ਕਿ ਮੈ ਇਸ ਅਦਭੁੱਤ ਨਿਊਯਾਰਕ ਵਾਸੀ ਸੰਕੇਟ ਬਲਸਾਰਾ ਦੇ ਨਾਂ ਦੀ ਡਿਸਟ੍ਰਿਕਟ ਜੱਜ ਵਜੋਂ ਪੁਸ਼ਟੀ ਕਰਦਾ ਹਾਂ। ਉਨਾਂ ਕਿਹਾ ਕਿ ਸੰਕੇਟ ਬਲਸਾਰਾ 2017 ਵਿਚ ਸੈਕੰਟ ਸਰਕਟ ਵਿਖੇ ਪਹਿਲੇ ਭਾਰਤੀ ਅਮਰੀਕੀ ਮਜਿਸਟ੍ਰੇਟ ਜੱਜ ਬਣੇ ਸਨ। ਰਾਸ਼ਟਰਪਤੀ ਜੋ ਬਾਇਡਨ ਦੁਆਰਾ ਨਾਮਜ਼ਦ ਉਹ 195 ਵੇਂ ਜੱਜ ਹਨ ਜਿਨਾਂ ਦੇ ਨਾਂ ਦੀ ਅਸੀਂ ਪੁਸ਼ਟੀ ਕਰਦੇ ਹਾਂ। ਬਲਸਾਰਾ ਦੇ ਮਾਪੇ 50 ਸਾਲ ਪਹਿਲਾਂ ਅਮਰੀਕਾ ਆਏ ਸਨ। ਉਨਾਂ ਦੇ ਪਿਤਾ ਨੇ ਨਿਊਯਾਰਕ ਵਿਚ ਇੰਜੀਨੀਅਰ ਵਜੋਂ ਕੰਮ ਕੀਤਾ ਹੈ ਜਦ ਕਿ ਉਨਾਂ ਦੀ ਮਾਂ ਇਕ ਸਮਰਪਿਤ ਨਰਸ ਸਨ।



# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

## Sizes available in drive & trailer

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

# S. Singh Cell: (510) 766-9382

**2955 N. Wilson Way Stockton , CA 95205**

# ਮੈਂ ਖ਼ੁਦ ਸਰਕਾਰੀ ਮੁਲਾਜ਼ਮ ਦਾ ਪੁੱਤ ਹਾਂ ਮੁਲਾਜ਼ਮਾਂ ਦੇ ਸਾਰੇ ਮਸਲੇ ਹੱਲ ਕਰਾਂਗਾ –ਭਗਵੰਤ ਮਾਨ

ਬਠਿੰਡਾ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਨੂੰ ਬਠਿੰਡਾ ਤੋਂ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਲਈ ਚੋਣ ਪ੍ਰਚਾਰ ਕੀਤਾ। ਉਨ੍ਹਾਂ ਬੁਢਲਾਡਾ ਵਿੱਚ ਇੱਕ ਵਿਸ਼ਾਲ ਜਨਸਭਾ ਨੂੰ ਸੰਬੋਧਨ ਕਰਦਿਆਂ ਲੋਕਾਂ ਨੂੰ ਭਾਰੀ ਵੋਟਾਂ ਨਾਲ ਆਮ ਆਦਮੀ ਪਾਰਟੀ ਨੂੰ ਜਿਤਾਉਣ ਦੀ ਅਪੀਲ ਕੀਤੀ।

ਜਨਸਭਾ ਨੂੰ ਸੰਬੋਧਨ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਬੁਢਲਾਡਾ ਨਾਲ ਮੇਰਾ ਬਹੁਤ ਪੁਰਾਣਾ ਰਿਸ਼ਤਾ ਹੈ। ਮੈਂ ਇੱਥੇ ਦੀ ਮੰਡੀ ਵਿਚ ਨਰਮੇ ਦੀ ਟਰਾਲੀ ਲੈ ਕੇ ਆਉਂਦਾ ਸੀ। ਹੁਣ ਵੀ ਮੈਂ ਬਹੁਤ ਸਾਰੇ ਲੋਕਾਂ ਨੂੰ ਉਨ੍ਹਾਂ ਦੇ ਨਾਮ ਤੋਂ ਜਾਣਦਾ ਹਾਂ ਜਿਨ੍ਹਾਂ ਨੂੰ ਮੈਂ ਇੱਥੇ ਮਿਲਦਾ ਸੀ।

ਜਨਸਭਾ ਨੂੰ ਸੰਬੋਧਨ ਕਰਨ ਤੋਂ ਪਹਿਲਾਂ ਸਾਬਕਾ ਸੈਨਿਕ (ਐਕਸ ਸਰਵਿਸ ਮੈਨ) ਜਥੇਬੰਦੀ ਦੇ ਆਗੂਆਂ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦਾ ਸਨਮਾਨ ਕੀਤਾ ਗਿਆ ਅਤੇ ਉਨ੍ਹਾਂ ਨਾਲ ਆਪਣੀਆਂ ਸਮੱਸਿਆਵਾਂ ਸਾਂਝੀਆਂ ਕੀਤੀਆਂ। ਮਾਨ ਨੇ ਭਰੋਸਾ ਦਿਵਾਉਂਦਿਆਂ ਕਿਹਾ ਕਿ ਮੈਂ ਖ਼ੁਦ ਸਰਕਾਰੀ ਮੁਲਾਜ਼ਮ ਦਾ ਪੁੱਤ ਹਾਂ। ਇਸ ਲਈ ਮੈਂ ਤੁਹਾਡੀਆਂ ਸਮੱਸਿਆਵਾਂ ਨੂੰ ਸਮਝ ਸਕਦਾ ਹਾਂ। ਮੈਂ ਤੁਹਾਡੇ ਸਾਰੇ ਮੁੱਦਿਆਂ ਨੂੰ ਜਲਦੀ ਹੱਲ ਕਰਾਂਗਾ।

ਪੁਰਾਣੀ ਪੈਨਸ਼ਨ ਸਕੀਮ (ਓਪੀਐਸ) ਦੇ ਮੁੱਦੇ ’ਤੇ ਮੁੱਖ ਮੰਤਰੀ ਨੇ ਕੇਂਦਰ ਸਰਕਾਰ ਨੂੰ ਘੇਰਦਿਆਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਨੇ ਪੰਜਾਬ ਦੇ ਓਪੀਐਸ ਫ਼ੰਡ ਵਿੱਚੋਂ 20,000 ਕਰੋੜ ਰੁਪਏ ਰੋਕ ਲਏ ਹਨ। ਵਿਜੇ ਮਾਲਿਆ ਉਸ ਬੈਂਕ ਤੋਂ ਕਰਜ਼ਾ ਲੈ ਕੇ ਵਿਦੇਸ਼ ਭੱਜ ਗਿਆ ਸੀ, ਜਿਸ 'ਚ ਪੈਸੇ ਰੱਖੇ ਹੋਏ ਸਨ। ਉਨ੍ਹਾਂ ਕਿਹਾ ਕਿ 4 ਜੂਨ ਨੂੰ ਕੇਂਦਰ ਵਿੱਚ ਇੰਡੀਆ ਗੱਠਜੋੜ ਦੀ ਸਰਕਾਰ ਬਣਨ ਜਾ ਰਹੀ ਹੈ, ਫਿਰ ਅਸੀਂ ਉਹ ਪੈਸਾ ਵਾਪਸ ਲਿਆਵਾਂਗੇ ਅਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਾਂਗੇ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਦੇ 43 ਹਜ਼ਾਰ ਨੌਜਵਾਨਾਂ ਨੂੰ ਬਿਨਾਂ ਕਿਸੇ ਭੇਦਭਾਵ ਅਤੇ ਰਿਸ਼ਵਤ ਦੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਦੱਸਿਆ ਕਿ ਸਰਦੂਲਗੜ੍ਹ ਦੇ ਪਿੰਡ ਕਰੰਡੀ ਵਿੱਚ 40 ਨੌਜਵਾਨਾਂ ਨੂੰ ਨੌਕਰੀ ਮਿਲੀ ਹੈ। ਹੁਣ ਪਿੰਡਾਂ ਦੇ ਲੋਕ ਇੱਕ ਦੂਜੇ ਦੇ ਪਿੰਡਾਂ ਵਿੱਚ ਨੌਕਰੀਆਂ ਦੀ ਗਿਣਤੀ ਦੀ ਤੁਲਨਾ ਕਰਨ ਲੱਗ ਪਏ ਹਨ ਅਤੇ ਕਹਿੰਦੇ ਹਨ ਕਿ ਅਸੀਂ ਦੋ ਸਾਲਾਂ ਵਿੱਚ ਉਹ ਕਰ ਦਿੱਤਾ ਹੈ ਜੋ 70 ਸਾਲਾਂ ਵਿੱਚ ਨਹੀਂ ਹੋਇਆ।

ਉਨ੍ਹਾਂ ਕਿਹਾ ਕਿ ਸਰਕਾਰੀ ਨੌਕਰੀਆਂ ਮਿਲਣ ਤੋਂ ਬਾਅਦ ਪੰਜਾਬ ਦੇ ਕਈ ਨੌਜਵਾਨਾਂ ਨੇ ਵਿਦੇਸ਼ ਜਾਣ ਦਾ ਫ਼ੈਸਲਾ ਰੱਦ ਕਰ ਦਿੱਤਾ ਅਤੇ ਕਈ ਵਾਪਸ ਆ ਗਏ। ਉਨ੍ਹਾਂ ਬਿਜਲੀ ਵਿਭਾਗ ਵਿੱਚ ਐਸ.ਡੀ.ਓ ਬਣੀ ਇੱਕ ਲੜਕੀ ਦੀ ਕਹਾਣੀ ਸੁਣਾਉਂਦੇ ਹੋਏ ਕਿਹਾ ਕਿ ਲੜਕੀ ਕੈਨੇਡਾ ਜਾਣ ਵਾਲੀ ਸੀ, ਇਸ ਲਈ ਉਸਦੇ ਪਰਿਵਾਰ ਵਾਲਿਆਂ ਨੇ ਪੈਸਿਆਂ ਦਾ ਬੜੀ ਮੁਸ਼ਕਲ ਨਾਲ ਇੰਤਜ਼ਾਮ ਕੀਤਾ ਸੀ, ਪਰ ਜਾਣ ਤੋਂ ਕੁਝ ਦਿਨ ਪਹਿਲਾਂ ਉਸਨੂੰ ਸਰਕਾਰੀ ਨੌਕਰੀ ਦਾ ਜੁਆਇਨਿੰਗ ਲੈਟਰ ਮਿਲ ਗਿਆ ਅਤੇ ਫਿਰ ਉਸ ਨੇ ਬਾਹਰ ਜਾਣ ਦਾ ਫ਼ੈਸਲਾ ਬਦਲ ਦਿੱਤਾ।



ਉਨ੍ਹਾਂ ਕਿਹਾ ਕਿ ਨੌਕਰੀਆਂ ਦੇ ਮਾਮਲੇ ਵਿੱਚ ਮੈਂ ਆਪਣੇ ਵਿਧਾਇਕਾਂ ਅਤੇ ਮੰਤਰੀਆਂ ਦੀਆਂ ਸਿਫ਼ਾਰਸ਼ਾਂ ਵੀ ਨਹੀਂ ਸੁਣਦਾ। ਇੱਕ ਵਾਰ ਮੇਰੇ ਇੱਕ ਵਿਧਾਇਕ ਨੇ ਮੈਨੂੰ ਆਪਣੇ ਨਜ਼ਦੀਕੀ ਰਿਸ਼ਤੇਦਾਰ ਨੂੰ ਨੌਕਰੀ ਦੇਣ ਦੀ ਸਿਫ਼ਾਰਸ਼ ਕੀਤੀ ਤਾਂ ਮੈਂ ਉਸ ਨੂੰ ਤੁਰੰਤ ਮਨਾ ਕਰ ਦਿੱਤਾ ਅਤੇ ਭਵਿੱਖ ਵਿੱਚ ਅਜਿਹੀਆਂ ਸਿਫ਼ਾਰਸ਼ਾਂ ਨਾ ਕਰਨ ਦੀ ਚੇਤਾਵਨੀ ਦਿੱਤੀ।

ਭਗਵੰਤ ਮਾਨ ਨੇ ਕਿਹਾ ਕਿ ਮੈਂ ਭ੍ਰਿਸ਼ਟਾਚਾਰ ਨੂੰ ਬਰਦਾਸ਼ਤ ਨਹੀਂ ਕਰਦਾ। ਸਰਕਾਰ ਬਣਨ ਤੋਂ ਬਾਅਦ ਅਸੀਂ ਲੋਕਾਂ ਨੂੰ ਭ੍ਰਿਸ਼ਟਾਚਾਰ ਦੇ ਖ਼ਿਲਾਫ਼ ਸ਼ਿਕਾਇਤ ਕਰਨ ਲਈ ਇੱਕ ਨੰਬਰ ਜਾਰੀ ਕੀਤਾ। ਉਸ ਨੰਬਰ 'ਤੇ ਆਈਆਂ ਸ਼ਿਕਾਇਤਾਂ ਦੇ ਆਧਾਰ 'ਤੇ ਅਸੀਂ 850 ਤੋਂ ਵੱਧ ਭ੍ਰਿਸ਼ਟ ਮੁਲਾਜ਼ਮਾਂ ਵਿਰੁੱਧ ਕਾਰਵਾਈ ਕਰਕੇ ਉਨ੍ਹਾਂ ਨੂੰ ਜੇਲ੍ਹ ਭੇਜ ਦਿੱਤਾ ਹੈ। ਇੱਕ ਵਾਰ ਜਦੋਂ ਅਸੀਂ ਰਜਿਸਟਰੀ ਦਫ਼ਤਰ ਦੇ ਤਿੰਨ ਮੁਲਾਜ਼ਮਾਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਫੜਿਆ ਤਾਂ ਅਸੀਂ ਮਾਮਲੇ ਦੀ ਜਾਂਚ ਕਰਕੇ ਹੁਕਮ ਜਾਰੀ ਕੀਤਾ ਕਿ ਰਜਿਸਟਰੀ ਦੇ ਕਾਗ਼ਜ਼ 'ਤੇ ਲਿਖੇ ਸ਼ਬਦ ਸਰਲ ਪੰਜਾਬੀ ਭਾਸ਼ਾ ਵਿੱਚ ਲਿਖੇ ਜਾਣ ਤਾਂ ਜੋ ਕੋਈ ਵੀ ਆਮ ਆਦਮੀ ਅਤੇ ਕਿਸਾਨ ਇਸ ਨੂੰ ਪੜ੍ਹ ਸਕੇ।

ਉਨ੍ਹਾਂ ਕਿਹਾ ਕਿ ਆਮ ਲੋਕਾਂ ਦੀ ਸਹੂਲਤ ਲਈ ਮੈਂ ਬਿਨਾਂ ਕਿਸੇ ਕੱਟ ਦੇ ਕਿਸਾਨਾਂ ਨੂੰ ਦਿਨ ਦੇ ਸਮੇਂ ਮੁਫ਼ਤ ਬਿਜਲੀ ਦਿੱਤੀ ਅਤੇ ਕਿਸਾਨਾਂ ਲਈ ਲੋੜੀਂਦੀ ਬਿਜਲੀ ਦਾ ਪ੍ਰਬੰਧ ਕੀਤਾ ਤਾਂ ਜੋ ਉਨ੍ਹਾਂ ਦਾ ਸਮਾਂ ਅਤੇ ਊਰਜਾ ਦੀ ਬਰਬਾਦੀ ਨਾ ਹੋਵੇ। ਉਨ੍ਹਾਂ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਾਡੀ ਸਰਕਾਰ ਨੇ ਪ੍ਰਾਈਵੇਟ ਥਰਮਲ ਪਲਾਂਟ ਖ਼ਰੀਦਿਆ ਹੈ। ਇਸ ਨਾਲ ਬਿਜਲੀ ਉਤਪਾਦਨ ਵਿੱਚ ਕਾਫ਼ੀ ਵਾਧਾ ਹੋ ਹੋਵੇਗਾ ਅਤੇ ਬਿਜਲੀ ਵੀ ਹੋਰ ਸਸਤੀ ਹੋ ਜਾਵੇਗੀ।

ਭਾਸ਼ਣ ਦੌਰਾਨ ਭਗਵੰਤ ਮਾਨ ਨੇ ਅਕਾਲੀ ਦਲ ਦੀ ਆਗੂ ਹਰਸਿਮਰਤ ਕੌਰ ਬਾਦਲ ਅਤੇ ਬਾਦਲ ਪਰਿਵਾਰ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਦੱਸਿਆ ਕਿ ਉਹ ਔਰਤਾਂ ਦੀਆਂ ਚੁੰਨ੍ਹਿਆਂ ਦੇ ਪੈਸੇ ਵੀ ਖਾ ਗਈ। ਉਨ੍ਹਾਂ (ਹਰਸਿਮਰਤ ਬਾਦਲ) ਨੇ 200 ਰੁਪਏ ਦੀ ਚੁੰਨੀ ਖ਼ੁਦ ਲੈ ਲਈ ਅਤੇ 50 ਰੁਪਏ ਦੀ ਚੁੰਨੀ ਔਰਤਾਂ ਨੂੰ ਦੇ ਦਿੱਤੀ। ਉਨ੍ਹਾਂ ਕਿਹਾ ਕਿ ਹਰਸਿਮਰਤ ਕੌਰ ਬਾਦਲ ਨੂੰ ਤਾਂ ਪੰਜਾਬੀ ਵੀ ਚੰਗੀ ਤਰ੍ਹਾਂ ਬੋਲਣੀ ਨਹੀਂ ਆਉਂਦੀ।

ਸੁਖਬੀਰ ਬਾਦਲ 'ਤੇ ਹਮਲਾ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਸੁਖ-ਵਿਲਾਸ ਹੋਟਲ ਪੰਜਾਬ ਦੇ ਲੋਕਾਂ ਦੇ ਖ਼ੂਨ-ਪਸੀਨੇ ਨਾਲ ਬਣਿਆ ਹੈ। ਉਸ ਹੋਟਲ ਵਿੱਚ ਹਰ ਕਮਰੇ ਦੇ ਨਾਲ ਇੱਕ ਪੂਲ ਹੈ। ਉਨ੍ਹਾਂ ਕਿਹਾ ਕਿ ਉਹ ਸੁਖ-ਵਿਲਾਸ ਨੂੰ ਪੰਜਾਬ ਸਰਕਾਰ ਦੇ ਕਬਜ਼ੇ ਵਿਚ ਲੈ ਕੇ ਇਸ ਨੂੰ ਸਕੂਲ ਵਿਚ ਬਦਲ ਦੇਣਗੇ। ਇਹ ਪਹਿਲਾ ਸਕੂਲ ਹੋਵੇਗਾ ਜਿਸ ਦੇ ਹਰ ਕਮਰੇ ਨਾਲ ਇਕ ਪੂਲ ਹੋਵੇਗਾ। ਇਸਦੇ ਲਈ ਅਸੀਂ ਇੱਕ ਸਲੋਗਨ ਵੀ ਤਿਆਰ ਕੀਤਾ ਹੈ, 'ਦੁਨੀਆ ਦਾ ਪਹਿਲਾ ਸਕੂਲ, ਜਿਸ ਦੇ ਹਰ ਕਮਰੇ ਦੇ ਪਿੱਛੇ ਇੱਕ ਪੂਲ ਹੈ।'

ਬਾਦਲ ਪਰਿਵਾਰ ਨੇ ਕਦੇ ਵੀ ਪੰਜਾਬ ਦੇ ਲੋਕਾਂ ਦੀ ਚਿੰਤਾ ਨਹੀਂ ਕੀਤੀ ਅਤੇ ਨਾ ਹੀ ਕੇਂਦਰ ਕੋਲ ਪੰਜਾਬ ਦਾ ਕੋਈ ਮੁੱਦਾ ਉਠਾਇਆ, ਸਿਰਫ਼ ਆਪਣੇ ਪਰਿਵਾਰ ਦੇ ਮੈਂਬਰਾਂ ਨੂੰ ਹੀ ਵਿਧਾਇਕ, ਸੰਸਦ ਮੈਂਬਰ ਅਤੇ ਮੰਤਰੀ ਬਣਾਇਆ – ਗੁਰਮੀਤ ਖੁੱਡੀਆਂ

ਲੋਕਾਂ ਨੂੰ ਸੰਬੋਧਨ ਕਰਦਿਆਂ 'ਆਪ' ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਨੇ ਬਾਦਲ ਪਰਿਵਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਉਨ੍ਹਾਂ ਨੇ ਕਦੇ ਵੀ ਪੰਜਾਬ ਦੇ ਲੋਕਾਂ ਦੀ ਚਿੰਤਾ ਨਹੀਂ ਕੀਤੀ। ਉਨ੍ਹਾਂ ਨੇ ਸਿਰਫ਼ ਆਪਣੇ ਪਰਿਵਾਰਕ ਮੈਂਬਰਾਂ ਨੂੰ ਹੀ ਵਿਧਾਇਕ, ਸੰਸਦ ਮੈਂਬਰ ਅਤੇ ਮੰਤਰੀ ਬਣਾਇਆ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵਿੱਚ ਮੰਤਰੀ ਹੁੰਦਿਆਂ ਹੋਏ ਵੀ ਹਰਸਿਮਰਤ ਕੌਰ ਬਾਦਲ ਨੇ ਕਦੇ ਵੀ ਪੰਜਾਬ ਦੀ ਕਿਸਾਨੀ ਅਤੇ ਪਾਣੀਆਂ ਦਾ ਮੁੱਦਾ ਨਹੀਂ ਉਠਾਇਆ, ਉਲਟਾ ਉਨ੍ਹਾਂ ਨੇ ਆਪਣੀ ਸਹਿਮਤੀ ਦੇ ਕੇ ਮੋਦੀ ਸਰਕਾਰ ਦੇ ਕਾਲੇ ਖੇਤੀ ਕਾਨੂੰਨਾਂ ’ਤੇ ਦਸਤਖ਼ਤ ਕਰਕੇ ਪੰਜਾਬ ਅਤੇ ਪੰਜਾਬ ਦੇ ਕਿਸਾਨਾਂ ਨਾਲ ਬਹੁਤ ਵੱਡਾ ਧੋਖਾ ਕੀਤਾ ਹੈ।

# ਮਲਕੀਅਤ ਸਿੰਘ ਢੇਸੀ ਨੂੰ ਸਦਮਾ ਪਿਤਾ ਬਾਵਾ ਸਿੰਘ ਢੇਸੀ ਦਾ ਦੇਹਾਂਤ

ਬੇਕਰਸਫੀਲਡ
ਸਾਂਝੀ ਸੋਚ ਬਿਊਰੋ

ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਅਮਰੀਕਾ ਵਲੋਂ ਮਲਕੀਅਤ ਸਿੰਘ ਢੇਸੀ ਦੇ ਪਿਤਾ ਜੀ ਦੇ ਅਕਾਲ ਚਲਾਣਾ ਕਰ ਜਾਣ ਤੇ ਅਫਸੋਸ ਪ੍ਰਗਟ ਕੀਤਾ ਗਿਆ ਹੈ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਕਨੇਡਾ ਯੂਨਿਟ ਦੇ ਸੀਨੀਅਰ ਆਗੂ ਮਲਕੀਅਤ ਸਿੰਘ ਢੇਸੀ ਦੇ ਪਿਤਾ ਸ੍ਰ ਬਾਵਾ ਸਿੰਘ ਢੇਸੀ ਜੋ ਪਿੱਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਉਨਾਂ ਦੇ ਪੰਜ ਭੁਤਿਕ ਸਰੀਰ ਦਾ ਅੰਤਿਮ ਸਸਕਾਰ 25 ਮਈ ਨੂੰ ਅਮਰੀਕਾ ਦੇ ਸ਼ਹਿਰ ਬੇਕਰਸਫੀਲਡ ਵਿੱਖੇ ਕੀਤਾ ਜਾਵੇਗਾ। ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਸਾਹਿਬ ਦਸ਼ਮੇਸ਼ ਦਰਬਾਰ ਬੇਕਰਸਫੀਲਡ ਵਿੱਖੇ ਹੋਏਗੀ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਅਮਰੀਕਾ ਦੇ ਸਮੁੱਚੇ ਯੂਨਿਟ ਵਲੋਂ ਸ੍ਰ ਬਾਵਾ ਸਿੰਘ ਢੇਸੀ ਦੇ ਅਕਾਲ ਚਲਾਣੇ ਤੇ ਦੁੱਖ ਦਾ ਪ੍ਰਗਟਾਵਾ ਜਾਂਦਾ ਹੈ ਅਤੇ ਸਮੂਹ ਢੇਸੀ ਪਰਿਵਾਰ ਨਾਲ ਹਮਦਰਦੀ ਜਾਹਿਰ ਕੀਤੀ ਜਾਂਦੀ ਹੈ। ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕੀਤੀ ਜਾਂਦੀ ਹੈ ਕਿ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।



# ਟੈਕਸਾਸ ’ਚ ਖਤਰਨਾਕ ਤੂਫ਼ਾਨ ਨੇ ਲਈਆਂ 7 ਜਾਨਾਂ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਟੈਕਸਾਸ ‘ਚ ਖਤਰਨਾਕ ਤੂਫਾਨ ‘ਚ 7 ਲੋਕਾਂ ਦੇ ਮਾਰੇ ਜਾਣ ਤੇ ਅਰਬ ਡਾਲਰਾਂ ਦਾ ਨੁਕਸਾਨ ਹੋਣ ਦੀਆਂ ਖਬਰਾਂ ਹਨ। 100 ਮੀਲ ਪ੍ਰਤੀ ਘੰਟੇ ਦੀ ਰਫਤਾਰ ਨਾਲ ਚੱਲੀਆਂ ਹਵਾਵਾਂ ਨੇ ਵੱਡੀ ਪੱਧਰ ‘ਤੇ ਨੁਕਸਾਨ ਕੀਤਾ ਹੈ। ਜਗ੍ਹਾ-ਜਗ੍ਹਾ ਦਰੱਖਤ ਡਿੱਗੇ ਪਏ ਹਨ ਤੇ ਬਿਜਲੀ ਦੀ ਸਪਲਾਈ ਪ੍ਰਭਾਵਿਤ ਹੋਈ ਹੈ। ਹਜ਼ਾਰਾਂ ਲੋਕ ਬਿਨਾਂ ਬਿਜਲੀ ਦੇ ਰਹਿਣ ਲਈ ਮਜਬੂਰ ਹਨ। ਤੂਫਾਨ ਤੋਂ ਬਾਅਦ ਹਿਊਸਟਨ ਖੇਤਰ ਵਿਚ ਤਪਸ਼ ਨੇ ਲੋਕਾਂ ਦਾ ਜੀਣਾ ਬੇਹਾਲ ਕਰ ਦਿੱਤਾ ਹੈ। ਉੱਚੀਆਂ ਇਮਰਾਤਾਂ ਦੀਆਂ ਖਿੜਕੀਆਂ ਟੁੱਟ ਗਈਆਂ ਹਨ ਅਤੇ ਮਕਾਨਾਂ ਦੀਆਂ ਕੰਧਾਂ ਤੇ ਛੱਤਾਂ ਨੂੰ ਨੁਕਸਾਨ ਪੁੱਜਾ ਹੈ। ਹਿਊਸਟਨ ਨੈਸ਼ਨਲ ਵੈਦਰ ਸਰਵਿਸ ਨੇ ਕਿਹਾ ਹੈ ਕਿ ਟਰਾਂਸਮਿਸ਼ਨ ਲਾਈਨਾਂ ਨੂੰ ਪੁੱਜੇ ਨੁਕਸਾਨ ਕਾਰਨ ਬਿਜਲੀ ਬਹਾਲ ਕਰਨ ਵਿਚ ਕਈ ਦਿਨ ਜਾਂ ਹਫਤੇ ਲੱਗ ਸਕਦੇ ਹਨ। ਦਫਤਰ ਨੇ ਜਾਰੀ ਬਿਆਨ ‘ਚ ਕਿਹਾ ਹੈ ਕਿ ਅਸੀਂ ਆਸ ਕਰਦੇ ਹਾਂ ਕਿ ਬਿਜਲੀ ਸੇਵਾ ਜਿੰਨੀ ਛੇਤੀ ਸੰਭਵ ਹੋ ਸਕਿਆ, ਬਹਾਲ ਕਰ ਦਿੱਤੀ ਜਾਵੇਗੀ। ਦਫਤਰ ਨੇ ਲੋਕਾਂ ਨੂੰ ਸੁਰੱਖਿਅਤ ਰਹਿਣ ਲਈ ਕਿਹਾ ਹੈ। ਐਕਿਊ ਵੈਦਰ ਦੇ ਮੁੱਢਲੇ ਅਨੁਮਾਨ ਅਨੁਸਾਰ ਟੈਕਸਾਸ ਤੂਫਾਨ ਕਾਰਨ ਇਕੱਲੇ ਹਿਊਸਟਨ ਮੈਟਰੋਪੋਲੀਟਨ ਖੇਤਰ ‘ਚ 5 ਅਰਬ ਡਾਲਰ ਤੋਂ ਵਧ ਦਾ ਆਰਥਿਕ ਨੁਕਸਾਨ ਹੋਇਆ ਹੈ। ਇਹ ਤੂਫਾਨ 2008 ਤੇ 1983 ਵਿਚ ਅਲੀਸੀਆ ਵਿਚ ਆਏ ਇਤਿਹਾਸਕ ਝਖੜ ਵਰਗਾ ਸੀ, ਜਿਨ੍ਹਾਂ ਕਾਰਨ ਭਾਰੀ ਨੁਕਸਾਨ ਝੱਲਣਾ ਪਿਆ ਸੀ। ਰਾਸ਼ਟਰਪਤੀ ਜੋਅ ਬਾਇਡਨ ਨੇ ਤੂਫਾਨ ਨਾਲ ਹੋਏ ਨੁਕਸਾਨ ਦੀ ਭਰਪਾਈ ਲਈ ਮੁਕੰਮਲ ਸਹਿਯੋਗ ਦਾ ਭਰੋਸਾ ਦਿੱਤਾ ਹੈ।

# ਡੈਨਵਰ ’ਚ ਘਰ ਨੂੰ ਅੱਗ ਲਾ ਕੇ 5 ਪਰਿਵਾਰਕ ਮੈਂਬਰਾਂ ਦੀ ਹੱਤਿਆ ਕਰਨ ਦੇ ਮਾਮਲੇ ਵਿਚ ਦੋਸ਼ੀ ਨੇ ਆਪਣਾ ਗੁਨਾਹ ਕਬੂਲਿਆ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਅਮਰੀਕਾ ਦੇ ਕੋਲੋਰਾਡਾ ਰਾਜ ਦੀ ਰਾਜਧਾਨੀ ਡੈਨਵਰ ਵਿਚ ਤਕਰੀਬਨ 4 ਸਾਲ ਪਹਿਲਾਂ ਇਕ ਘਰ ਨੂੰ ਅੱਗ ਲਾ ਕੇ ਪਰਿਵਾਰ ਦੇ 5 ਜੀਆਂ ਦੀ ਹੱਤਿਆ ਕਰ ਦੇਣ ਦੇ ਮਾਮਲੇ ਵਿਚ ਦੋਸ਼ੀ ਨਬਾਲਗ ਕੈਵਿਨ ਹੂਈ ਬੂਈ ਨੇ ਆਪਣਾ ਗੁਨਾਹ ਮੰਨ ਲਿਆ ਹੈ। ਦਰਅਸਲ ਬੂਈ ਜੋ ਉਸ ਵੇਲੇ 16 ਸਾਲਾਂ ਦਾ ਸੀ ਤੇ ਇਸ ਵੇਲੇ 20 ਸਾਲ ਦਾ ਹੋ ਚੁੱਕਾ ਹੈ, ਦਾ ਆਈ ਫੋਨ ਗਵਾਚ ਗਿਆ ਸੀ। ਉਸ ਦਾ ਵਿਸ਼ਵਾਸ਼ ਸੀ ਕਿ ਇਹ ਫੋਨ ਡੈਨਵਰ ਦੇ ਇਕ ਘਰ ਵਿਚ ਹੈ। ਜਿਸ ਦਾ ਬਦਲਾ ਲੈਣ ਲਈ ਉਸ ਨੇ ਇਸ ਘਰ ਨੂੰ ਅੱਗ ਲਾ ਦਿੱਤੀ। ਇਸ ਘਟਨਾ ਵਿਚ 2 ਬੱਚਿਆਂ ਸਮੇਤ ਸੈਨੇਗਾਲੀ ਪਰਿਵਾਰ ਦੇ 5 ਮੈਂਬਰ ਮਾਰੇ ਗਏ ਸਨ ਤੇ 3 ਹੋਰ ਕਿਸੇ ਤਰਾਂ ਆਪਣੀ ਜਾਨ ਬਚਾਉਣ ਵਿਚ ਸਫਲ ਹੋ ਗਏ ਸਨ। ਅਧਿਕਾਰੀਆਂ ਅਨੁਸਾਰ ਬੂਈ ਨੇ "ਫਾਈਂਡ ਮਾਈ ਆਈ ਫੋਨ" ਐਪ ਦੀ ਵਰਤੋਂ ਦੁਆਰਾ ਪਤਾ ਲਾਇਆ ਕਿ ਉਸ ਦਾ ਗਵਾਚਾ ਫੋਨ ਇਕ ਘਰ ਵਿਚ ਹੈ ਜਦ ਕਿ ਉਹ ਗਲਤ ਸੀ। ਦਾਇਰ ਦੂਸਰਾ ਦਰਜਾ ਹੱਤਿਆਵਾਂ ਦੇ ਦੋਸ਼ਾਂ ਤਹਿਤ ਉਸ ਨੂੰ 60 ਸਾਲ ਜੇਲ ਦੀ ਸਜ਼ਾ ਹੋ ਸਕਦੀ ਹੈ। ਅਦਾਲਤੀ ਦਸਤਾਵੇਜਾਂ ਅਨੁਸਾਰ ਉਸ ਨਾਲ ਬਣਾਏ ਸਹਿ ਦੋਸ਼ੀ ਦੋ ਹੋਰ ਨਬਾਲਗਾਂ ਨੂੰ ਪਹਿਲਾਂ ਹੀ ਵੱਖ ਵੱਖ ਸਜ਼ਾ ਸੁਣਾਈ ਜਾ ਚੁੱਕੀ ਹੈ।



# ਚੋਣ ਕਮਿਸ਼ਨ ਵੱਲੋਂ ਲੁਧਿਆਣਾ ਅਤੇ ਜਲੰਧਰ ਦੇ ਨਵੇਂ ਪੁਲਿਸ ਕਮਿਸ਼ਨਰ ਨਿਯੁਕਤ

ਜਲੰਧਰ
ਸਾਂਝੀ ਸੋਚ ਬਿਊਰੋ

ਭਾਰਤੀ ਚੋਣ ਕਮਿਸ਼ਨ ਨੇ 1998 ਬੈਚ ਦੇ ਆਈ.ਪੀ.ਐਸ. ਅਧਿਕਾਰੀ ਨੀਲਭ ਕਿਸ਼ੋਰ, ਜੋ ਇਸ ਵੇਲੇ ਸ਼ਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਏਡੀਜੀਪੀ ਐਸ.ਟੀ.ਐਫ. ਪੰਜਾਬ, ਵਜੋਂ ਤਾਇਨਾਤ ਹਨ, ਨੂੰ ਪੁਲਿਸ ਕਮਿਸ਼ਨਰ ਲੁਧਿਆਣਾ ਅਤੇ 2008 ਬੈਚ ਦੇ ਆਈ.ਪੀ.ਐਸ. ਅਧਿਕਾਰੀ ਰਾਹੁਲ ਐਸ, ਜੋ ਇਸ ਸਮੇਂ ਸ਼ਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਡੀ.ਆਈ.ਜੀ-ਕਮ-ਡਾਇਰੈਕਟਰ ਵਿਜੀਲੈਂਸ ਬਿਊਰੋ ਪੰਜਾਬ ਵਜੋਂ ਤਾਇਨਾਤ ਹਨ, ਨੂੰ ਪੁਲਿਸ ਕਮਿਸ਼ਨਰ ਜਲੰਧਰ ਵਜੋਂ ਨਿਯੁਕਤ ਕੀਤਾ ਹੈ। ਇਸ ਸਬੰਧੀ ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੂੰ ਪੱਤਰ ਭੇਜ ਦਿੱਤਾ ਗਿਆ ਹੈ।


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE & SUPPORT
ਹਲਕਾ ਸੰਗਰੂਰ
ਹਲਕਾ ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
JB TYRES INC
24/7 MOBILE REPAIR
TRUCK AND TRAILER
• NEW / USED TYRES • BRAKES • HUBS SEAL • OIL CHANGE
TEL: 337-513-3544 1651 FAIRVIEW DR. CERES. CA 95307
MAHABIR SINGH
JOBANPREET SINGH

# ਪਟਿਆਲਾ ਦੀ ਫਤਿਹ ਰੈਲੀ ਨਾਲ ਹੋਵੇਗੀ ਪੰਜਾਬ ਦੇ ਸੁਨਹਿਰੀ ਭਵਿੱਖ ਦੀ ਸ਼ੁਰੂਆਤ :ਪ੍ਰਨੀਤ ਕੌਰ

**ਪਟਿਆਲਾ**
**ਸਾਂਝੀ ਸੋਚ ਬਿਊਰੋ**

ਸਾਡੇ ਪਟਿਆਲਾ ਵਾਲੇ ਕਿੰਨੇ ਖੁਸ਼ਕਿਸਮਤ ਹਨ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਚਰਨ ਛੋਹ ਪ੍ਰਾਪਤ ਇਤਿਹਾਸਕ ਪਟਿਆਲਾ ਤੋਂ ਪੰਜਾਬ ਦੀਆਂ ਚੋਣ ਰੈਲੀਆਂ ਦੀ ਸ਼ੁਰੂਆਤ ਕਰਨ ਜਾ ਰਹੇ ਹਨ। ਇਹ ਗੱਲ ਪਟਿਆਲਾ ਲੋਕ ਸਭਾ ਸੀਟ ਤੋਂ ਭਾਰਤੀ ਜਨਤਾ ਪਾਰਟੀ ਦੀ ਉਮੀਦਵਾਰ ਪ੍ਰਨੀਤ ਕੌਰ ਨੇ ਬੁੱਧਵਾਰ ਨੂੰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੀ। ਉਨ੍ਹਾਂ ਕਿਹਾ ਕਿ ਵਿਕਸਿਤ ਭਾਰਤ ਬਾਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਏਜੰਡੇ ਵਿੱਚ ਪੰਜਾਬ ਵਿੱਚ ਕੀ ਕੁਝ ਹੋਣ ਜਾ ਰਿਹਾ ਹੈ, ਇਸ ਬਾਰੇ ਵਿਸ਼ੇਸ਼ ਜਾਣਕਾਰੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਖੁਦ ਪਟਿਆਲਾ ਦੇ ਲੋਕਾਂ ਨਾਲ ਸਾਂਝੀ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਪਿਛਲੇ 20 ਸਾਲਾਂ ਵਿੱਚ ਇਹ ਪਹਿਲੀ ਵਾਰ ਹੈ ਕਿ ਭਾਰਤ ਦੇ ਪ੍ਰਧਾਨ ਮੰਤਰੀ ਪਟਿਆਲਾ ਦੀ ਇਤਿਹਾਸਕ ਧਰਤੀ 'ਤੇ ਪਹੁੰਚ ਰਹੇ ਹਨ। ਪ੍ਰਨੀਤ ਕੌਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੀ 23 ਮਈ ਨੂੰ ਪਟਿਆਲਾ ਫੇਰੀ ਨੂੰ ਲੈ ਕੇ ਪਟਿਆਲਾ ਜ਼ਿਲ੍ਹੇ ਦੇ ਲੋਕਾਂ ਵਿੱਚ ਵੱਧ ਰਿਹਾ ਉਤਸ਼ਾਹ ਉਨ੍ਹਾਂ ਦੇ ਬਾਰੇ ਭੇਜ ਦੁਬਾਰਾ ਭੇਜ ਸਾਲਾਂ ਤੋਂ ਬਣੇ ਭਰੋਸੇ ਨੂੰ ਹੋਰ ਬੁਲੰਦ ਕਰ ਰਿਹਾ ਹੈ।

ਮਹਾਰਾਜਾ ਭਾਲਿੰਦਰ ਸਿੰਘ ਸਪੋਰਟਸ ਕੰਪਲੈਕਸ ਵਿਖੇ ਹੋਣ ਜਾ ਰਹੀ ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਨੀਤ ਕੌਰ ਨੇ ਦੱਸਿਆ ਕਿ ਪਟਿਆਲਾ ਦੇ ਬਾਨੀ ਬਾਬਾ ਆਲ੍ਹਾ ਸਿੰਘ ਦੇ ਵੰਸ਼ਜ ਮਹਾਰਾਜਾ ਭਲਿੰਦਰ ਸਿੰਘ ਓਲੰਪਿਕ ਐਸੋਸੀਏਸ਼ਨ ਦੇ ਸਕੱਤਰ ਸਨ ਅਤੇ ਉਨ੍ਹਾਂ ਦੇ ਨਾਂ 'ਤੇ ਸਪੋਰਟਸ ਕੰਪਲੈਕਸ ਦਾ ਨਾਂ ਮਹਾਰਾਜਾ ਭਾਲਿੰਦਰ ਸਿੰਘ ਸਪੋਰਟਸ ਕੰਪਲੈਕਸ ਰੱਖਿਆ ਗਿਆ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਫਤਿਹ ਰੈਲੀ ਵਿੱਚ ਪਟਿਆਲਾ ਵਾਸੀਆਂ ਨੂੰ ਆਉਣ ਦਾ ਸੱਦਾ ਦਿੰਦਿਆਂ ਪ੍ਰਨੀਤ ਕੌਰ ਨੇ ਕਿਹਾ ਕਿ ਸੁਰੱਖਿਆ ਕਾਰਨਾਂ ਕਰਕੇ ਸੰਭਵ ਹੈ ਕਿ ਲੋਕਾਂ ਨੂੰ ਰੈਲੀ ਵਾਲੀ ਥਾਂ 'ਤੇ ਪਹੁੰਚਣ ਵਿੱਚ ਕੁਝ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਪਰ ਪ੍ਰਧਾਨ ਮੰਤਰੀ ਦੀ ਪਟਿਆਲਾ ਵਿਖੇ ਹੋ ਰਹੀ ਫਤਿਹ ਰੈਲੀ ਇਤਿਹਾਸਿਕ ਮਹਾ ਸੰਮੇਲਨ ਦਾ ਰੂਪ ਲੈ ਕੇ ਦੇਸ਼ ਦੀ ਏਕਤਾ ਅਤੇ ਅਖੰਡਤਾ ਦਾ ਸੰਦੇਸ਼ ਦੇਵੇਗੀ।

ਰੈਲੀ ਦੀਆਂ ਤਿਆਰੀਆਂ ਵਿੱਚ ਰੁੱਝੀ ਪ੍ਰਨੀਤ ਕੌਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੀ ਪਟਿਆਲਾ ਫੇਰੀ ਉਨ੍ਹਾਂ ਦੀ ਚੋਣ ਮੁਹਿੰਮ ਨੂੰ ਵੱਡਾ ਹੁਲਾਰਾ ਦੇਵੇਗੀ। ਪਟਿਆਲਾ ਵਿੱਚ ਫਤਿਹ ਰੈਲੀ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਮਜ਼ਬੂਤ ਕਰਨ ਵਿੱਚ ਸਹਾਈ ਹੋਵੇਗੀ।

ਪ੍ਰਨੀਤ ਕੌਰ ਨੇ ਕਿਹਾ ਕਿ ਪਟਿਆਲਾ ਦੀਆਂ ਵੱਡੀਆਂ ਸਮੱਸਿਆਵਾਂ ਨੂੰ ਜੇਕਰ ਕੋਈ ਹੱਲ ਕਰ ਸਕਦਾ ਹੈ ਤਾਂ ਉਹ ਸਿਰਫ਼ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹੀ ਹਨ। ਉਨ੍ਹਾਂ ਕਿਹਾ ਕਿ ਉਹ ਪਟਿਆਲਾ ਜ਼ਿਲ੍ਹੇ ਦੀਆਂ ਸਾਰੀਆਂ ਪ੍ਰਮੁੱਖ ਸਮੱਸਿਆਵਾਂ ਬਾਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਜਾਣੂ ਕਰਵਾਉਣਗੇ ਅਤੇ ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਲੋੜੀਂਦੇ ਫੰਡਾਂ ਦੀ ਮੰਗ ਵੀ ਕਰਨਗੇ। ਪ੍ਰਨੀਤ ਕੌਰ ਨੇ ਕਿਹਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਪ੍ਰਧਾਨ ਮੰਤਰੀ ਉਨ੍ਹਾਂ ਵੱਲੋਂ ਪਟਿਆਲਾ ਸਬੰਧੀ ਕੀਤੀ ਹਰ ਮੰਗ ਨੂੰ ਪੂਰੇ ਉਤਸ਼ਾਹ ਨਾਲ ਪੂਰਾ ਕਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪਟਿਆਲਾ ਦੌਰਾ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੀ ਜਿੱਤ ਦਾ ਮੁੱਖ ਆਧਾਰ ਬਣੇਗਾ।

# ਪੰਜਾਬੀ ਗਾਇਕ ਦੇਬੀ ਮਖਸੂਸਪੁਰੀ ਨੇ ਢਾਹਾਂ ਕਲੇਰਾਂ 'ਚ ਕੀਤਾ ਖ਼ੂਨ ਦਾਨ
## ਗੁਰੂ ਨਾਨਕ ਮਿਸ਼ਨ ਹਸਪਤਾਲ ਦੀਆਂ ਮੈਡੀਕਲ ਸੇਵਾਵਾਂ ਤੇ ਘਰੇਲੂ ਮਾਹੌਲ ਦੀ ਸ਼ਲਾਘਾ



**ਬੰਗਾ**
**ਸਾਂਝੀ ਸੋਚ ਬਿਊਰੋ**

ਪੰਜਾਬ ਦੇ ਉੱਘੇ ਗਾਇਕ ਅਤੇ ਗੀਤਕਾਰ ਦੇਬੀ ਮਖਸੂਸਪੁਰੀ ਨੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਪੁੱਜ ਕੇ ਖ਼ੂਨ ਦਾਨ ਕੀਤਾ। ਉਹਨਾਂ ਕਿਹਾ ਕਿ ਉਹਨਾਂ ਨੂੰ ਮਨੁੱਖਤਾ ਦੀ ਭਲਾਈ ਲਈ ਲੰਬੇ ਅਰਸੇ ਤੋਂ ਕੰਮ ਕਰਦੇ ਢਾਹਾਂ ਕਲੇਰਾਂ ਦੇ ਸਿਹਤ ਅਤੇ ਸਿੱਖਿਆ ਦੇ ਅਦਾਰਿਆਂ 'ਚ ਆ ਕੇ ਸਕੂਨ ਮਿਲਦਾ ਹੈ।

ਉਹਨਾਂ ਇਸ ਹਸਪਤਾਲ 'ਚ ਘਰ ਵਰਗੇ ਮਾਹੌਲ ਅਤੇ ਉੱਚ ਪੱਧਰ ਦੀਆਂ ਮੈਡੀਕਲ ਸੇਵਾਵਾਂ ਦੀ ਸ਼ਲਾਘਾ ਵੀ ਕੀਤੀ। ਦੇਬੀ ਮਖਸੂਸਪੁਰੀ ਨੇ ਕਿਹਾ ਕਿ ਉਹ ਦੇਬੀ ਫੈਨਜ਼ ਕਲੱਬ ਬੰਗਾ ਵਲੋਂ ਢਾਹਾਂ ਕਲੇਰਾਂ ਵਿਖੇ ਅਗਲੇ ਮਹੀਨੇ ਖ਼ੂਨਦਾਨ ਕੈਂਪ ਦਾ ਪ੍ਰਬੰਧ ਕਰਨਗੇ ਅਤੇ ਗੁਰੂ ਨਾਨਕ ਮਿਸ਼ਨ ਨਰਸਿੰਗ ਤੇ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨਾਲ ਰੂ-ਬ-ਰੂ ਵੀ ਹੋਣਗੇ। ਹਸਪਤਾਲ ਦੀ ਬਲੱਡ ਬੈਂਕ ਵਿਖੇ ਉਹਨਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ ਦੇਬੀ ਮਖਸੂਸਪੁਰੀ ਨੂੰ ਸਨਮਾਨਿਤ ਕਰਨ ਦੀ ਰਸਮ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਨਿਭਾਈ।

ਉਹਨਾਂ ਇਸ ਮੌਕੇ ਗੁਰੂ ਨਾਨਕ ਮਿਸ਼ਨ ਹਸਪਤਾਲ ਦੇ 40 ਸਾਲ ਦੇ ਸਫ਼ਲ ਸਫਰ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ। ਇਸ ਮੌਕੇ ਸੁਖਜਿੰਦਰ ਸਿੰਘ ਨੌਰਾ, ਹਰਜਿੰਦਰ ਸੋਨੀ, ਰਣਜੀਤ ਸਿੰਘ ਧਾਲੀਵਾਲ, ਜਸਕਰਨ ਸਿੰਘ ਚਾਹਲ ਅਤੇ ਬਲੱਡ ਬੈਂਕ ਦਾ ਸਟਾਫ਼ ਵੀ ਸ਼ਾਮਲ ਸਨ ।


# ਸੰਧੂ ਸਮੁੰਦਰੀ ਨੇ ਖੁੱਲ੍ਹੀ ਜੀਪ 'ਤੇ ਸਵਾਰ ਹੋ ਕੇ ਰੋਡ ਸ਼ੋਅ ਕੀਤਾ

**ਅੰਮ੍ਰਿਤਸਰ**
**ਧੈਰਿਆ ਮਹਿਰਾ**

ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਚੋਣ ਮੁਹਿੰਮ ਨੂੰ ਸਿਖ਼ਰਾਂ 'ਤੇ ਲਿਜਾਂਦਿਆਂ ਉਨ੍ਹਾਂ ਦੇ ਹੱਕ ਵਿੱਚ ਗੋਲਡਨ ਗੇਟ ਤੋਂ ਨਿਊ ਅੰਮ੍ਰਿਤਸਰ ਤੱਕ ਮੋਟਰਸਾਈਕਲ-ਕਾਰ ਰੈਲੀ ਕੱਢੀ ਗਈ। ਇਸ ਮੌਕੇ ਸੰਧੂ ਸਮੁੰਦਰੀ ਖੁੱਲ੍ਹੀ ਜੀਪ ਵਿੱਚ ਸਵਾਰ ਨਜ਼ਰ ਆਏ। ਰੈਲੀ ਵਿੱਚ ਸੈਂਕੜੇ ਕਾਰਾਂ, ਜੀਪਾਂ ਅਤੇ ਅਣਗਿਣਤ ਮੋਟਰਸਾਈਕਲਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਲੋਕਾਂ ਨੇ ਸੰਧੂ ਸਮੁੰਦਰੀ ਦਾ ਨਿੱਘਾ ਸਵਾਗਤ ਕੀਤਾ। ਸੰਧੂ ਸਮੁੰਦਰੀ ਨੇ ਸਾਰਿਆਂ ਦੀਆਂ ਸ਼ੁਭ ਕਾਮਨਾਵਾਂ ਨੂੰ ਪ੍ਰਵਾਨ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਵਾਰ ਅੰਮ੍ਰਿਤਸਰ ਦੇ ਵਿਕਾਸ ਨੂੰ ਮੁੱਖ ਪਹਿਲ ਦਿੰਦੇ ਹੋਏ ਆਪਣੇ ਲਈ ਸਹੀ ਨੁਮਾਇੰਦੇ ਚੁਣਨ। ਇਸ ਮੌਕੇ ਰੋਡ ਸ਼ੋਅ ਵਿੱਚ ਰਾਜੇਸ਼ ਹਨੀ, ਵਰਿੰਦਰ ਸਵੀਟੀ, ਗੁਰਕੰਵਲ ਸਿੰਘ ਮਾਨ, ਗੁਰਤੇਸ਼ਵਰ ਬਾਵਾ, ਗੁਰਪ੍ਰੀਤ ਸਿੰਘ, ਮਹਿੰਦਰ ਸਿੰਗੜੀ, ਕਮਲ ਕਪੂਰ, ਅਸ਼ੋਕ ਮਹਾਜਨ ਆਦਿ ਹਾਜ਼ਰ ਸਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਧੂ ਸਮੁੰਦਰੀ ਨੇ ਕਿਹਾ ਕਿ ਲੋਕ ਅੱਗੇ ਵਲ ਦੇਖਦੇ ਹਨ। ਅੰਮ੍ਰਿਤਸਰ ਦੇ ਲੋਕ ਖ਼ਾਸ ਤੌਰ 'ਤੇ ਇੱਥੋਂ ਦੇ ਵਿਕਾਸ ਦੀ ਆਸ ਰੱਖਦੇ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਵਿੱਚ ਵਿਕਾਸ ਲਿਆਂਦਾ ਹੈ, ਇਹ ਵਿਕਾਸ ਅੰਮ੍ਰਿਤਸਰ ਵਿੱਚ ਲਿਆਉਣਾ ਹੈ। ਇੱਥੋਂ ਦੀ ਕਾਨੂੰਨੀ ਵਿਵਸਥਾ ਮਾੜੀ ਹੈ ਅਤੇ ਨਸ਼ਾ ਵੱਧ ਰਿਹਾ ਹੈ। ਸਾਡੀ ਖੇਤੀ ਅਤੇ ਉਦਯੋਗ ਨੂੰ ਚੁਣੌਤੀਆਂ ਹਨ। ਸੀਵਰੇਜ ਅਤੇ ਪਾਣੀ ਦੀ ਸਮੱਸਿਆ ਵਰਗੀਆਂ ਸਮੱਸਿਆਵਾਂ ਹਨ। ਜਿਸ ਨੂੰ 10 ਸਾਲ ਪਹਿਲਾਂ ਖ਼ਤਮ ਕਰ ਦੇਣਾ ਚਾਹੀਦਾ ਸੀ। ਪਰ ਇਹ ਰੋਜ਼ਾਨਾ ਸਮੱਸਿਆਵਾਂ ਵਧਦੀਆਂ ਜਾ ਰਹੀਆਂ ਹਨ। ਅੱਜ ਸੱਤ ਸਾਲ ਤੋਂ ਸਾਂਸਦ ਰਹੇ ਔਜਲਾ ਤੋਂ ਪੁੱਛਿਆ ਜਾਣਾ ਚਾਹੀਦਾ ਹੈ ਕਿ ਉਨ੍ਹਾਂ ਨੇ ਝੂਠੇ ਇਸ਼ਤਿਹਾਰ ਛਾਪਣ ਤੋਂ ਇਲਾਵਾ ਅੰਮ੍ਰਿਤਸਰ ਦੇ ਵਿਕਾਸ ਲਈ ਕੀ ਕੀਤਾ ਹੈ?। ਛੇ ਸਾਲਾਂ ਵਿੱਚ ਇੰਦੌਰ ਕਿੱਥੇ ਪਹੁੰਚ ਗਿਆ ਹੈ? ਇਸੇ ਤਰ੍ਹਾਂ ਆਪ ਸਰਕਾਰ ਨੂੰ ਦੋ ਸਾਲ ਹੋ ਗਏ ਹਨ, ਤੁਸੀਂ ਜਾ ਕੇ ਪੁੱਛੋ ਕਿ ਲੋਕਾਂ ਦੀ ਹਾਲਤ ਸੁਧਰੀ ਹੈ ਜਾਂ ਵਿਗੜ ਗਈ ਹੈ। ਪ੍ਰਧਾਨ ਮੰਤਰੀ ਮੋਦੀ ਦੀਆਂ ਕਈ ਯੋਜਨਾਵਾਂ ਜਿਨ੍ਹਾਂ ਵਿੱਚ ਕਰੋੜਾਂ ਰੁਪਏ ਨਹੀਂ ਪਹੁੰਚੇ ਹਨ। ਅਸੀਂ ਪਤਾ ਲਗਾਵਾਂਗੇ ਕਿ ਉਹ ਕਿਉਂ ਨਹੀਂ ਪਹੁੰਚੇ। ਅੰਮ੍ਰਿਤਸਰ ਕਿੰਨਾ ਸਮਾਰਟ ਸ਼ਹਿਰ ਬਣ ਗਿਆ ਹੈ? ਇਸ ਪ੍ਰਾਜੈਕਟ ਲਈ ਮਿਲੇ ਪੈਸੇ ਕਿੱਥੇ ਗ਼ਾਇਬ ਹੋ ਗਏ? ਅਸੀਂ ਇਸ ਦੀ ਵੀ ਜਾਂਚ ਕਰਾਂਗੇ। ਅਮਰੀਕੀ ਯੂਨੀਵਰਸਿਟੀਆਂ ਵਾਂਗ ਉਹ ਸਿੱਖਿਆ ਸਾਡੇ ਇੱਥੇ ਵੀ ਪਹੁੰਚ ਜਾਣੀ ਚਾਹੀਦੀ ਸੀ। ਤਾਂ ਜੋ ਸਾਡੇ ਬੱਚਿਆਂ ਖ਼ਾਸ ਕਰਕੇ ਅੰਮ੍ਰਿਤਸਰ ਵਾਸੀਆਂ ਨੂੰ ਕਿਸੇ ਮਜਬੂਰੀ ਵਿੱਚ ਬਾਹਰ ਨਾ ਜਾਣਾ ਪਵੇ। ਪੂੰਜੀ ਨਿਵੇਸ਼ ਹੋਣਾ ਚਾਹੀਦਾ ਹੈ। ਗੁਜਰਾਤ ਵਿੱਚ ਸੈਮੀਕੰਡਕਟਰ ਫ਼ੈਕਟਰੀਆਂ ਬਣਾਈਆਂ ਜਾਣੀਆਂ ਹਨ। ਭਾਰਤ ਵਿੱਚ ਸਭ ਤੋਂ ਵੱਡੀ ਸੋਲਰ ਫ਼ੈਕਟਰੀ ਬਣਾਈ ਜਾ ਰਹੀ ਹੈ। ਇੱਥੇ ਬੱਚਿਆਂ ਨੂੰ ਸਿਖਲਾਈ ਦਿੱਤੀ ਜਾ ਸਕਦੀ ਹੈ। ਜੇਕਰ ਅੰਮ੍ਰਿਤਸਰ ਦੇ ਬੱਚੇ ਬਾਹਰ ਜਾਂਦੇ ਹਨ ਤਾਂ ਸਾਰਿਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਫ਼ੈਕਟਰੀਆਂ ਨੂੰ ਇੱਥੇ ਲਿਆਂਦਾ ਜਾਵੇ। ਅਮਰੀਕਾ ਦੀਆਂ ਪ੍ਰਮੁੱਖ ਕੰਪਨੀਆਂ ਸਾਡੇ ਬੱਚਿਆਂ ਨੂੰ ਸਟਾਰਟਅੱਪ ਸ਼ੁਰੂ ਕਰਨ ਵਿੱਚ ਮਦਦ ਕਰਨ ਲਈ ਤਿਆਰ ਹਨ। ਅਮਰੀਕੀ ਪ੍ਰਵਾਸੀ ਭਾਈਚਾਰੇ ਨੇ ਅੰਮ੍ਰਿਤਸਰ ਲਈ 100 ਮਿਲੀਅਨ ਡਾਲਰ ਯਾਨੀ 850 ਕਰੋੜ ਰੁਪਏ ਇਕੱਠੇ ਕਰਕੇ ਅੰਮ੍ਰਿਤਸਰ 'ਚ ਸਟਾਰਟਅੱਪ ਲਈ ਭੇਜੇ ਹਨ। ਅੰਮ੍ਰਿਤਸਰ ਨੂੰ ਨਸ਼ਾ ਮੁਕਤ ਬਣਾਉਣ ਲਈ ਐਨ ਆਰ ਆਈ ਭਾਈਚਾਰਾ ਸਾਨੂੰ ਉਹੀ ਦਵਾਈਆਂ ਦੇਣ ਲਈ ਤਿਆਰ ਹੈ ਜੋ ਅਮਰੀਕਾ ਵਰਤ ਰਿਹਾ ਹੈ। ਉਹ ਤਕਨਾਲੋਜੀ ਅਤੇ ਪੈਸੇ ਦੀ ਮਦਦ ਨਾਲ ਅੰਮ੍ਰਿਤਸਰ ਦੇ ਪ੍ਰਦੂਸ਼ਣ ਨੂੰ ਸਾਫ਼ ਕਰਨ ਵਿੱਚ ਮਦਦ ਕਰਨਗੇ। ਇਹ ਤਾਂ ਸ਼ੁਰੂਆਤ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਚੁਣ ਕੇ ਭੇਜਦੇ ਹੋ ਤਾਂ ਉਹ ਇਹ ਸਭ ਲੋਕਾਂ ਦੇ ਸਹਿਯੋਗ ਨਾਲ ਸਿਰੇ ਚੜ੍ਹਾਉਣਗੇ।







GINNY BEDI LAW PC



Ginny Bedi Attorney

★ Immigration
★ Divorce
★ Custody and Support issues
★ Business Disputes
★ Living Trusts
★ Criminal Matters
★ Misdemeanors
★ DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੂ ਕਾਲਿ॥
ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ॥




# ਅੰਤਿਮ ਸੰਸਕਾਰ

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਮਾਤਾ ਸਰਦਾਰਨੀ ਸਤਵੰਤ ਕੌਰ ਜੀ (ਸੁਪਤਨੀ ਸ. ਰਾਮ ਸਿੰਘ ਬਿਜਲੀ ਵਾਲੇ) ਅੱਜ ਮੰਗਲਵਾਰ ਨੂੰ ਅਕਾਲ ਪੁਰਖ ਵਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਪੂਰੀ ਕਰ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਉਨ੍ਹਾਂ ਦਾ ਅੰਤਿਮ ਸੰਸਕਾਰ ਕੱਲ੍ਹ **ਮਿਤੀ 24 ਮਈ 2024 ਦਿਨ ਸ਼ੁਕਰਵਾਰ** ਸਵੇਰੇ 11.00 ਵਜੇ ਪਿੰਡ ਬਹਿਰਾਮ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਹੋਵੇਗਾ। ਉਪਰੰਤ ਅਰਦਾਸ ਗੁਰਦੁਆਰਾ ਗੁਰੂ ਕਲਗੀਧਰ ਬਹਿਰਾਮ ਵਿਖੇ ਹੋਵੇਗੀ।

**ਭਾਣੇ ਵਿੱਚ**

ਜਗਤਾਰ ਸਿੰਘ ਅਨੰਦਪੁਰੀ (ਸਪੁੱਤਰ)
+5103766926

ਜਸਕਰਨ ਸਿੰਘ ਅਨੰਦਪੁਰੀ (ਸਪੁੱਤਰ)
+15106410043

ਕੁਲਵੰਤ ਸਿੰਘ (ਜਵਾਈ)
+1510754446

ਗੁਰਪ੍ਰੀਤ ਸਿੰਘ ਬੱਬਰ
94175-16522

Amrit
9872239775


ਸ਼੍ਰੋਮਣੀ ਅਕਾਲੀ ਦਲ
VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
BHUPINDER SINGH JADLA

# PAL FILMS & PHOTO BOOKS

*All Your Photo/Videography & Post Production needs Under One Roof*



Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave
Pittsburgh, CA 94565**

# ਮਾਨ ਸਰਕਾਰ ਨੇ ਐਮਐਸਪੀ ਤੇ ਹੜ੍ਹ ਪ੍ਰਭਾਵਿਤ ਫਸਲਾਂ ਦੇ ਮੁਆਵਜ਼ੇ 'ਤੇ ਕਿਸਾਨਾਂ ਨਾਲ ਧੋਖਾ ਕੀਤਾ :ਡਾ. ਸੁਭਾਸ਼ ਸ਼ਰਮਾ





ਸੰਗਰੂਰ
ਸਾਂਝੀ ਸੋਚ ਬਿਊਰੋ

ਸ੍ਰੀ ਆਨੰਦਪੁਰ ਸਾਹਿਬ ਤੋਂ ਭਾਜਪਾ ਦੇ ਉਮੀਦਵਾਰ ਡਾ: ਸੁਭਾਸ਼ ਸ਼ਰਮਾ ਨੇ ਅੱਜ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੇ ਜਾਅਲੀ ਕਿਸਾਨ ਪੱਖੀ ਅਕਸ ਦਾ ਪਰਦਾਫਾਸ਼ ਕੀਤਾ ਹੈ। ਇੱਥੇ ਕਈ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਡਾ: ਸ਼ਰਮਾ ਨੇ ਕਿਹਾ ਕਿ ਮਾਨ ਨੇ ਸੱਤਾ 'ਚ ਆਉਣ ਤੋਂ ਪਹਿਲਾਂ ਸਿਰਫ਼ 'ਝੂਠੇ ਵਾਅਦੇ' ਕਰਕੇ ਕਿਸਾਨਾਂ ਦਾ ਸ਼ੋਸ਼ਣ ਕੀਤਾ ਸੀ ਅਤੇ ਸੱਤਾ ਹਾਸਲ ਕਰਨ ਲਈ ਉਨ੍ਹਾਂ ਨੂੰ ਜਾਣਬੁੱਝ ਕੇ ਮੋਦੀ ਵਿਰੁੱਧ 'ਉਕਸਾਇਆ'। ਕਿਸਾਨਾਂ ਨਾਲ ਸਬੰਧਤ ਇੱਕ ਅਹਿਮ ਮੁੱਦਾ ਉਠਾਉਂਦਿਆਂ ਡਾ: ਸ਼ਰਮਾ ਨੇ ਕਿਹਾ, "ਮਾਨ ਨੇ ਚੋਣਾਂ ਤੋਂ ਪਹਿਲਾਂ ਕਿਸਾਨਾਂ ਨੂੰ 22 ਫ਼ਸਲਾਂ ਤੇ ਐਮਐਸਪੀ ਦੇਣ ਦਾ ਵਾਅਦਾ ਕੀਤਾ ਸੀ, ਜਿਸ ਨੂੰ ਉਹ ਸੱਤਾ ਵਿੱਚ ਆਉਣ ਤੋਂ ਬਾਅਦ ਭੁੱਲ ਗਏ।

'ਆਪ' ਸਰਕਾਰ 'ਤੇ ਹਮਲਾ ਬੋਲਦਿਆਂ ਡਾ: ਸ਼ਰਮਾ ਨੇ ਕਿਹਾ ਕਿ ਮਾਨ ਸਰਕਾਰ ਨੇ ਐਮਐਸਪੀ ਦੇ ਮੁੱਦੇ 'ਤੇ ਕਿਸਾਨਾਂ ਦਾ ਸਿਰਫ਼ ਸ਼ੋਸ਼ਣ ਕੀਤਾ ਹੈ।

ਉਨ੍ਹਾਂ ਨਾਲ ਗੰਦਾ ਮਜ਼ਾਕ ਕੀਤਾ ਹੈ, ਪਰ ਹੁਣ 'ਆਪ' ਸਰਕਾਰ ਪੂਰੀ ਤਰ੍ਹਾਂ ਬੇਨਕਾਬ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਦੇ ਮਸਲਿਆਂ ਪ੍ਰਤੀ ਬਿਲਕੁਲ ਵੀ ਗੰਭੀਰ ਨਹੀਂ ਹੈ, ਜਿਸ ਦਾ ਸਬੂਤ ਇਸ ਗੱਲ ਤੋਂ ਜ਼ਾਹਰ ਹੁੰਦਾ ਹੈ ਕਿ ਪਿਛਲੇ ਸਾਲ ਸੂਬੇ ਵਿੱਚ ਹੜ੍ਹਾਂ ਕਾਰਨ ਫਸਲਾਂ ਦਾ ਭਾਰੀ ਨੁਕਸਾਨ ਹੋਇਆ ਸੀ

ਅਤੇ 'ਆਪ' ਸਰਕਾਰ ਨੇ ਪੀੜਤ ਕਿਸਾਨਾਂ ਨੂੰ 20 ਹਜ਼ਾਰ ਰੁਪਏ ਮੁਆਵਜ਼ੇ ਵਜੋਂ ਦੇਣ ਦਾ ਵਾਅਦਾ ਕੀਤਾ ਸੀ ਜਦਕਿ ਕਿਸਾਨਾਂ ਨੂੰ ਸਿਰਫ 6800 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਗਿਆ ਅਤੇ ਇਹ ਰਾਸ਼ੀ ਵੀ ਕੇਂਦਰ ਵੱਲੋਂ ਆਪਦਾ ਰਾਹਤ ਫੰਡ ਵਿੱਚੋਂ ਦਿੱਤੀ ਗਈ ਹੈ।

ਡਾ: ਸ਼ਰਮਾ ਨੇ ਕਿਹਾ ਕਿ ਇਕ ਪਾਸੇ ਮਾਨ ਸਰਕਾਰ ਨੇ ਪੰਜਾਬ ਦੇ ਕਿਸਾਨਾਂ ਨਾਲ ਧੋਖਾ ਕੀਤਾ ਹੈ, ਉਥੇ ਦੂਜੇ ਪਾਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਸਾਨਾਂ ਲਈ ਬਹੁਤ ਕੁਝ ਕੀਤਾ ਹੈ।

ਡਾ: ਸੁਭਾਸ਼ ਸ਼ਰਮਾ ਨੇ ਮੋਦੀ ਸਰਕਾਰ ਵੱਲੋਂ ਕੀਤੇ ਕੰਮਾਂ ਬਾਰੇ ਦੱਸਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ ਮੋਦੀ ਸਰਕਾਰ ਹਰ ਕਿਸਾਨ ਨੂੰ 6,000 ਰੁਪਏ ਸਾਲਾਨਾ ਦੀ ਵਿੱਤੀ ਸਹਾਇਤਾ ਪ੍ਰਦਾਨ ਕਰ ਰਹੀ ਹੈ।

ਇਸ ਤੋਂ ਇਲਾਵਾ ਕੇਂਦਰ ਸਰਕਾਰ ਮਿੱਟੀ ਸਿਹਤ ਕਾਰਡ, ਫ਼ਸਲ ਬੀਮਾ ਯੋਜਨਾ, ਬੀਜ ਸਪਲਾਈ, ਯੂਰੀਆ ਦੀ ਉਪਲਬਧਤਾ ਆਦਿ ਰਾਹੀਂ ਕਿਸਾਨਾਂ ਨੂੰ ਸ਼ਕਤੀ ਪ੍ਰਦਾਨ ਕਰ ਰਹੀ ਹੈ। ਡਾ: ਸ਼ਰਮਾ ਨੇ ਅੱਗੇ ਕਿਹਾ ਕਿ ਮੋਦੀ ਸਰਕਾਰ ਖੇਤੀ ਨੂੰ ਲਾਹੇਵੰਦ ਬਣਾਉਣ ਲਈ ਵਚਨਬੱਧ ਹੈ ਅਤੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਪੰਜਾਬ ਦੇ ਕਿਸਾਨਾਂ ਨੂੰ ਵੱਡਾ ਲਾਭ ਮਿਲੇਗਾ।

ਭਾਜਪਾ ਉਮੀਦਵਾਰ ਡਾ: ਸੁਭਾਸ਼ ਸ਼ਰਮਾ ਨੇ ਅੱਜ ਚਮਕੌਰ ਸਾਹਿਬ ਅਤੇ ਮੋਰਿੰਡਾ ਵਿੱਚ ਕਈ ਚੋਣ ਮੀਟਿੰਗਾਂ ਵਿੱਚ ਸ਼ਮੂਲੀਅਤ ਕੀਤੀ।

ਉਨ੍ਹਾਂ ਗੁਰਦੁਆਰਾ ਸਾਹਿਬ ਬਾਬਾ ਅਜੀਤ ਸਿੰਘ ਅਤੇ ਸ਼ਿਵ ਮੰਦਰ ਡੇਰਾ ਬਾਬਾ ਜਲਮਗਿਰੀ ਵਿਖੇ ਵੀ ਮੱਥਾ ਟੇਕਿਆ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ।

